ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2197 | 19 August, 2025 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

# ਪੁਤਿਨ ਨੇ ਕੀਤਾ ਮੋਦੀ ਨੂੰ ਫੋਨ, ਟਰੰਪ ਨਾਲ ਆਪਣੀ ਮੁਲਾਕਾਤ ਬਾਰੇ ਦਿੱਤੀ ਸਾਰੀ ਜਾਣਕਾਰੀ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਅਲਾਸਕਾ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਮੁਲਾਕਾਤ ਤੋਂ ਬਾਅਦ, ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਗੱਲ ਕੀਤੀ ਹੈ। ਇਸ ਮੌਕੇ 'ਤੇ ਪੁਤਿਨ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਟਰੰਪ ਨਾਲ ਗੱਲਬਾਤ ਵਿੱਚ ਕੀ ਹੋਇਆ ਦੱਸਿਆ। ਇਸ ਗੱਲਬਾਤ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਦੁਹਰਾਇਆ ਕਿ ਭਾਰਤ ਹਰ ਵਿਵਾਦ ਦਾ ਸ਼ਾਂਤੀਪੂਰਨ ਅਤੇ ਕੂਟਨੀਤਕ ਹੱਲ ਚਾਹੁੰਦਾ ਹੈ। ਭਾਰਤ ਗੱਲਬਾਤ ਅਤੇ ਸਹਿਯੋਗ ਰਾਹੀਂ ਵਿਸ਼ਵਵਿਆਪੀ ਸਥਿਰਤਾ ਦੇ ਹੱਕ ਵਿੱਚ ਹੈ ਅਤੇ ਇਸ ਦਿਸ਼ਾ ਵਿੱਚ ਹਰ ਕੋਸ਼ਿਸ਼ ਦਾ ਸਮਰਥਨ ਕਰਦਾ ਰਹੇਗਾ।

ਦੋਵਾਂ ਆਗੂਆਂ ਨੇ ਦੁਵੱਲੇ ਸਹਿਯੋਗ ਨਾਲ ਸਬੰਧਤ ਕਈ ਮੁੱਦਿਆਂ 'ਤੇ ਵੀ ਚਰਚਾ ਕੀਤੀ ਅਤੇ ਨਜ਼ਦੀਕੀ ਸੰਪਰਕ ਬਣਾਈ ਰੱਖਣ 'ਤੇ ਸਹਿਮਤੀ ਪ੍ਰਗਟਾਈ। ਪ੍ਰਧਾਨ ਮੰਤਰੀ ਮੋਦੀ ਅਤੇ ਰਾਸ਼ਟਰਪਤੀ ਪੁਤਿਨ ਨੇ ਭਾਰਤ ਅਤੇ ਰੂਸ ਵਿਚਕਾਰ ਵਿਸ਼ੇਸ਼ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ।

ਭਾਰਤ ਅਤੇ ਰੂਸ ਵਿਚਕਾਰ ਸਪੈਸ਼ਲ ਐਂਡ ਪ੍ਰਿਵਿਲੇਜ਼ਡ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ 'ਤੇ ਚਰਚਾ ਹੋਈ। ਮੋਦੀ ਨੇ ਇੱਕ ਵਾਰ ਫਿਰ ਕਿਹਾ ਕਿ ਭਾਰਤ ਮੰਨਦਾ ਹੈ ਕਿ ਟਕਰਾਅ ਦਾ ਹੱਲ ਸਿਰਫ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੈ ਅਤੇ ਕਿਸੇ ਵੀ ਸ਼ਾਂਤੀ ਯਤਨ ਦਾ ਸਮਰਥਨ ਕਰੇਗਾ। ਫੋਨ ਕਾਲ ਤੋਂ ਪਹਿਲਾਂ, ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਅਲਾਸਕਾ ਸੰਮੇਲਨ ਦਾ ਸਵਾਗਤ ਕੀਤਾ ਸੀ। ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਸੀ, ਸ਼ਾਂਤੀ ਵੱਲ ਨੇਤਾਵਾਂ ਦੀ ਅਗਵਾਈ ਸ਼ਲਾਘਾਯੋਗ ਹੈ। ਅੱਗੇ ਵਧਣ ਦਾ ਰਸਤਾ ਸਿਰਫ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੀ



ਲੱਭਿਆ ਜਾ ਸਕਦਾ ਹੈ। ਦੁਨੀਆ ਚਾਹੁੰਦੀ ਹੈ ਕਿ ਯੂਕਰੇਨ ਯੁੱਧ ਜਲਦੀ ਖਤਮ ਹੋਵੇ। ਹਾਲਾਂਕਿ, ਅਲਾਸਕਾ ਵਿੱਚ ਟਰੰਪ-ਪੁਤਿਨ ਦੀ ਮੁਲਾਕਾਤ ਵਿੱਚ ਕੋਈ ਵੱਡੀ ਜੰਗਬੰਦੀ ਸਫਲਤਾ ਨਹੀਂ ਮਿਲੀ। ਯੁੱਧ ਹੁਣ ਤੱਕ ਲੱਖਾਂ ਲੋਕਾਂ ਦੀਆਂ ਜਾਨਾਂ ਲੈ ਚੁੱਕਾ ਹੈ ਅਤੇ ਯੂਕਰੇਨ ਵਿੱਚ ਤਬਾਹੀ ਮਚਾ ਚੁੱਕਾ ਹੈ। ਅਮਰੀਕੀ ਰਾਸ਼ਟਰਪਤੀ ਟਰੰਪ ਸੋਮਵਾਰ ਨੂੰ ਵਾਸ਼ਿੰਗਟਨ ਵਿੱਚ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਅਤੇ ਯੂਰਪੀਅਨ ਨੇਤਾਵਾਂ ਨਾਲ ਮੁਲਾਕਾਤ ਕਰਨ ਵਾਲੇ ਹਨ। ਉਨ੍ਹਾਂ ਨੇ ਜ਼ੇਲੇਂਸਕੀ ਨੂੰ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਉਹ ਜਾਂ ਤਾਂ ਇੱਕ ਸ਼ਾਂਤੀ ਸਮਝੌਤੇ ਨੂੰ ਸਵੀਕਾਰ ਕਰਨ ਜਿਸਨੂੰ ਉਹ ਤੁਰੰਤ ਲਾਗੂ ਕਰ ਸਕਦੇ ਹਨ, ਜਾਂ ਯੁੱਧ ਜਾਰੀ ਰੱਖ ਕੇ ਹੋਰ ਕੀਮਤ ਅਦਾ ਕਰਨ। ਟਰੰਪ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਮਰੀਕਾ ਹੁਣ ਕ੍ਰੀਮੀਆ ਨੂੰ ਵਾਪਸ ਪ੍ਰਾਪਤ ਕਰਨ ਦੀ ਕੋਸ਼ਿਸ਼ ਨਹੀਂ ਕਰੇਗਾ, ਨਾ ਹੀ ਯੂਕਰੇਨ ਨੂੰ ਨਾਟੋ ਵਿੱਚ ਸ਼ਾਮਲ ਹੋਣ 'ਤੇ ਜ਼ੋਰ ਦੇਵੇਗਾ - ਇਹ ਦੋਵੇਂ ਰੂਸ ਦੇ ਪੁਰਾਣੇ ਇਤਰਾਜ਼ਾਂ ਨਾਲ ਸਬੰਧਤ ਹਨ।

# ਆਰਮੀ ਜਵਾਨ ਨਾਲ ਬਦਸਲੂਕੀ 'ਤੇ ਐਨਐਚਏਆਈ ਦੀ ਸਖ਼ਤ ਕਾਰਵਾਈ, ਟੋਲ ਕੰਪਨੀ 'ਤੇ 20 ਲੱਖ ਦਾ ਜੁਰਮਾਨਾ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਮੇਰਠ-ਕਰਨਾਲ ਹਾਈਵੇ (ਐਨਐਚ-709ਏ) 'ਤੇ ਭੂਨੀ ਟੋਲ ਪਲਾਜ਼ਾ 'ਤੇ 17 ਅਗਸਤ 2025 ਨੂੰ ਵੱਡਾ ਵਿਵਾਦ ਸਾਹਮਣੇ ਆਇਆ। ਇੱਥੇ ਆਰਮੀ ਜਵਾਨ ਅਤੇ ਟੋਲ ਕਰਮਚਾਰੀਆਂ ਵਿਚਾਲੇ ਕਹਾਸੁਨੀ ਹੋਈ ਜੋ ਝਗੜੇ 'ਚ ਬਦਲ ਗਈ। ਆਰਮੀ ਜਵਾਨ ਨਾਲ ਬਦਸਲੂਕੀ ਦੀ ਘਟਨਾ ਨੇ ਹਾਈਵੇ 'ਤੇ ਯਾਤਰੀਆਂ ਦੀ ਸੁਰੱਖਿਆ 'ਤੇ ਸਵਾਲ ਖੜੇ ਕਰ ਦਿੱਤੇ। ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਨੇ ਤੁਰੰਤ ਕਾਰਵਾਈ ਕਰਦਿਆਂ ਟੋਲ ਵਸੂਲੀ ਕਰਨ ਵਾਲੀ ਧਰਮ ਸਿੰਘ ਐਂਡ ਕੰਪਨੀ 'ਤੇ 20 ਲੱਖ ਰੁਪਏ ਦਾ ਜੁਰਮਾਨਾ ਲਗਾਇਆ। ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਨੇ ਕਿਹਾ ਕਿ ਕੰਪਨੀ ਆਪਣੇ ਸਟਾਫ ਨੂੰ ਕਾਬੂ ਵਿੱਚ ਰੱਖਣ ਅਤੇ ਅਨੁਸ਼ਾਸਨ ਬਣਾਈ ਰੱਖਣ ਵਿੱਚ ਨਾਕਾਮ ਰਹੀ ਹੈ, ਜੋ ਕਿ ਕਾਨਟ੍ਰੈਕਟ ਦੀਆਂ ਸ਼ਰਤਾਂ ਦਾ ਉਲੰਘਣ ਹੈ। ਸਿਰਫ ਜੁਰਮਾਨਾ ਹੀ ਨਹੀਂ, ਬਲਕਿ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਨੇ ਇਹ ਵੀ ਸਪੱਸ਼ਟ ਕੀਤਾ ਕਿ ਕੰਪਨੀ ਦਾ ਕਾਨਟ੍ਰੈਕਟ ਰੱਦ ਕਰਨ ਅਤੇ ਉਸਨੂੰ ਅਗਲੇ ਟੋਲ ਬੋਲੀਆਂ ਵਿੱਚ ਹਿੱਸਾ ਲੈਣ ਤੋਂ ਰੋਕਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇਸ ਘਟਨਾ ਤੋਂ ਬਾਅਦ ਸਥਾਨਕ ਪੁਲਿਸ ਨੇ ਤੁਰੰਤ ਐਫਆਈਆਰ ਦਰਜ ਕੀਤੀ ਅਤੇ ਟੋਲ ਪਲਾਜ਼ਾ ਨਾਲ ਜੁੜੇ 6 ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ। ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਨੇ ਸਪੱਸ਼ਟ ਕੀਤਾ ਕਿ ਹਾਈਵੇ ਯਾਤਰੀਆਂ ਦੀ ਸੁਰੱਖਿਆ ਅਤੇ ਇਜ਼ਤ ਉਸਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਇਸ ਤਰ੍ਹਾਂ ਦੇ ਮਾਮਲਿਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਭਵਿੱਖ ਵਿੱਚ ਜ਼ਿੰਮੇਵਾਰਾਂ 'ਤੇ ਹੋਰ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉੱਤਰ ਪ੍ਰਦੇਸ਼ ਦੇ ਮੇਰਠ ਜ਼ਿਲ੍ਹੇ ਦੇ ਸਰੂਰਪੁਰ ਦੇ ਭੂਨੀ ਟੋਲ ਪਲਾਜ਼ਾ 'ਤੇ ਐਤਵਾਰ ਨੂੰ ਫੌਜ ਦੇ ਜਵਾਨ ਕਪਿਲ ਅਤੇ ਉਸਦੇ ਚਚੇਰੇ ਭਰਾ ਸ਼ਿਵਮ ਦੀ ਕੁੱਟਮਾਰ ਕੀਤੀ ਗਈ। ਇਸ ਦੇ ਵਿਰੋਧ ਵਿੱਚ ਸੋਮਵਾਰ ਨੂੰ ਗੋਟਕਾ ਦੇ ਪਿੰਡ ਵਾਸੀ ਗੁੱਸੇ ਵਿੱਚ ਆ ਗਏ।

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**



# NAV INDIAN MERCHANDISE GROCERY STORE

## 3230 MITCHELL ROAD, STE, C, CERES, CA 95307




ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।




ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

**ਇੱਕ ਵਾਰ Visit ਜ਼ਰੂਰ ਕਰੋ।**




Ria MONEY TRANSFER

INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ

**Contact Number**

**+1 (209) 537-5702**

ਸਾਂਝੀ ਸੋਚ SANJHI SOCH SANJHI SOCH swzJI soc

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਸਾਹਿਤ, ਸਿਆਸੀ ਖਚਰਾਪਨ ਅਤੇ ਮਨੁੱਖ ਦਾ ਸਿਰਜਣਾਤਮਿਕ ਵਿਕਾਸ



SANJHI SOCH HD
ਗੁਰਮੀਤ ਸਿੰਘ ਪਲਾਹੀ
98158-02070

ਸਾਹਿਤ ਦਾ ਸੋਮਾ ਜੀਵਨ-ਧਾਰਾ ਦਾ ਵੇਗ ਹੈ। ਮਨੁੱਖ ਵਿਚੋਂ, ਮਨੁੱਖ ਰਾਹੀਂ ਅਤੇ ਮਨੁੱਖ ਲਈ ਕੀਤੀ ਗਈ ਰਚਨਾ ਹੀ ਅਸਲ ਵਿੱਚ ਸਾਹਿਤ ਅਖਵਾ ਸਕਦੀ ਹੈ। ਜਦੋਂ ਗੱਲ ਮਨੁੱਖ ਲਈ ਉਤੇ ਪੁੱਜਦੀ ਹੈ ਤਾਂ ਇਸਦਾ ਸਿੱਧਾ ਸਬੰਧ ਪ੍ਰਤੀਬੱਧ ਰਾਜਨੀਤੀ ਨਾਲ ਜਾ ਜੁੜਦਾ ਹੈ। ਕੁਝ ਸਮੀਖਿਆਕਾਰ ਇਸ ਤਰ੍ਹਾਂ ਦੀ ਰਚਨਾ ਨੂੰ ਪ੍ਰਚਾਰ ਅਤੇ ਰਾਜਨੀਤਕ ਆਖਣਗੇ। ਪਰ ਇਸ ਗੱਲ ਨੂੰ ਕਦੇ ਵੀ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ  ਕਿ ਲੋਕ ਹਿਤੈਸ਼ੀ ਲੇਖਕ ਦਾ ਪ੍ਰਚਾਰਕ ਅਤੇ ਸਿਆਸੀ ਹੋਣਾ ਕਠੋਰ ਸੱਚ ਹੈ।

ਸਿਆਸਤ ਜਾਂ ਰਾਜਨੀਤੀ ਨਿੱਜੀ ਜਾਂ ਸਮੂਹਿਕ ਪੱਧਰ ਉੱਤੇ ਲੋਕਾਂ ਨੂੰ ਪ੍ਰਭਾਵਤ ਕਰਨ ਦਾ ਅਮਲ ਅਤੇ ਸਿਧਾਂਤ ਹੈ। ਖ਼ਾਸ ਕਰਕੇ ਇੱਕ ਸਮਾਜ ਜਾਂ ਰਾਜ ਦੇ ਲੋਕਾਂ ਉੱਪਰ ਰਾਜ ਕਰਨਾ ਜਾਂ ਕੰਟਰੋਲ ਕਰਨਾ ਅਤੇ ਇਸਨੂੰ ਅੱਗੋਂ ਜਾਰੀ ਰੱਖਣਾ। ਸਿਆਸਤ ਦਾ ਉਦੇਸ਼ ਕਈ ਢੰਗਾਂ ਨਾਲ ਲੋਕਾਂ ਵਿੱਚ ਆਪਣੇ ਵਿਚਾਰ ਪ੍ਰਫੁਲਤ ਕਰਨੇ, ਕਾਨੂੰਨ ਬਣਾ ਕੇ ਲੋਕਾਂ 'ਤੇ ਲਾਗੂ ਕਰਨੇ ਅਤੇ ਵਿਰੋਧੀਆਂ ਖਿਲਾਫ਼ ਜੰਗ ਦੀ ਹੱਦ ਤੱਕ ਤਾਕਤ ਦੀ ਵਰਤੋਂ ਕਰਨਾ ਆਦਿ ਹੈ। ਇਸ ਸੰਬੰਧ ਵਿੱਚ ਪਲੇਟੋ ਅਤੇ ਕਨਫੂਸੀਅਸ਼ ਦੀਆਂ ਰਾਜਨੀਤੀ ਬਾਰੇ ਪੁਸਤਕਾਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ।

ਸਾਹਿਤ ਦੇ ਵੱਖੋ-ਵੱਖਰੇ ਰੂਪਾਂ ਦਾ ਫ਼ਾਇਦਾ ਹਮੇਸ਼ਾ ਰਾਜਨੀਤੀ ਨੇ ਲਿਆ ਹੈ। ਭਾਵੇਂ ਉਹ ਕਵਿਤਾ, ਨਾਵਲ, ਕਹਾਣੀ ਜਾਂ ਨਾਟਕ ਹੋਵੇ। ਸਾਹਿਤ ਨੂੰ ਪ੍ਰਭਾਸ਼ਿਤ ਕਰਨ ਲਈ ਭਾਰਤੀ ਕਾਵਿ ਸਾਸ਼ਤਰ ਅਨੁਸਾਰ ਸਾਹਿਤ ਨੂੰ "ਸੱਤਯਮ, ਸ਼ਿਵਮ, ਸੁੰਦਰਮ ਕਿਹਾ ਗਿਆ ਭਾਵ ਸੱਚ ਕਲਿਆਣਕਾਰੀ ਅਤੇ ਸੁੰਦਰ ਹੋਵੇ। ਵਣਜਾਰਾ ਬੇਦੀ ਅਨੁਸਾਰ 'ਸਾਹਿਤ ਕੋਮਲ ਭਾਵਾਂ ਦਾ ਸੁਹਜਮਈ ਪ੍ਰਗਟਾਵਾ ਹੈ' । ਜੀਵਨ ਨੂੰ ਅਗਵਾਈ ਕਰਨ ਦੀ ਸ਼ਕਤੀ ਵੀ ਇਸ ਵਿੱਚ ਹੋਣੀ ਚਾਹੀਦੀ ਹੈ। ਐਮਰਸਨ ਸਾਹਿਤ ਨੂੰ ਮਹਾਨ ਵਿਚਾਰਾਂ ਦਾ ਸੰਗ੍ਰਹਿ ਮੰਨਦਾ ਹੈ। ਮੈਥਿਓ ਅਰਨਲਡ ਸਾਹਿਤ ਨੂੰ ਜੀਵਨ ਦੀ ਅਲੋਚਨਾ ਮੰਨਦਾ ਹੈ। ਸਾਹਿਤ ਭਾਵਨਾਵਾਂ,ਕਲਪਨਾਵਾਂ ਅਤੇ ਬੁੱਧੀ ਦੇ ਬਲ 'ਤੇ ਰਚਿਆ ਜਾਂਦਾ ਹੈ। ਪੱਛਮੀ ਵਿਦਵਾਨ ਸਾਹਿਤ ਨੂੰ ਪੰਜ ਕਲਾਵਾਂ ਵਿੱਚੋਂ ਇੱਕ ਮੰਨਦੇ ਹਨ। ਉਹ ਕਲਾਵਾਂ ਸੰਗੀਤ, ਕਵਿਤਾ, ਮੂਰਤੀਕਲਾ, ਭਵਨ ਨਿਰਮਾਣ ਅਤੇ ਨਾਚ ਹਨ। ਕਲਾ ਜਾਂ ਸਾਹਿਤ ਨੂੰ ਵੀ ਉਹ ਦੋ ਵੱਖਰੇ ਨਜ਼ਰੀਏ ਤੋਂ ਵੇਖਦੇ ਹਨ। ਜਿਵੇਂ ਸਾਹਿਤ ਕਲਾ ਲਈ ਜਾਂ ਸਾਹਿਤ ਜਾਂ ਕਲਾ ਜੀਵਨ ਲਈ।

ਸਿਆਸੀ ਖਚਰੇਪਨ ਨੇ ਸੰਸਾਰ ਦੀ ਸਮਾਜਿਕ, ਦਾਰਸ਼ਨਿਕ, ਇਤਿਹਾਸਕ ਅਤੇ ਸ਼ਬਦ ਸ਼ਕਤੀ ਵਿਵਸਥਾ ਵਿਚੋਂ ਮਨੁੱਖ ਦੇ ਸਿਰਜਣਾਤਮਿਕ ਵਿਕਾਸ ਨੂੰ ਲਾਂਭੇ ਕਰ ਦਿੱਤਾ ਹੈ ਅਤੇ ਉਸਦੀ ਥਾਂ ਜੰਤਰੀ ਅਤੇ ਮੰਤਰੀ ਵਿਕਾਸ ਨੇ ਲੈ ਲਈ ਹੈ। ਮਾਨਵ ਆਪਣੀ ਬੁਨਿਆਦੀ ਹੋਂਦ ਅਤੇ ਸਿਰਜਨਾਤਮਿਕ ਸ਼ਕਤੀ ਦੇ ਨੁਕਤੇ ਤੋਂ ਭਟਕ ਗਿਆ ਹੈ ਜਾਂ ਭਟਕਾ ਦਿੱਤਾ ਗਿਆ ਹੈ। ਇਥੇ ਸਿਆਸਤ ਕੰਮ ਕਰ ਰਹੀ ਹੈ। ਹਾਕਮ ਸਿਆਸੀ ਤਾਕਤ ਕਾਇਮ ਰੱਖਣ ਲਈ, ਕਿਧਰੇ ਰਾਸ਼ਟਰਵਾਦ ਕਿਧਰੇ ਕੱਟੜਤਾ, ਦਾ ਨਾਹਰਾ ਦੇ ਕੇ ਸਮਾਜ ਨੂੰ ਪ੍ਰਭਾਵਤ ਕਰਦਾ ਹੈ ਅਤੇ ਉਸ ਕਿਸਮ ਦੇ ਸਾਹਿਤ ਨੂੰ ਉਤਸ਼ਾਹਤ ਕਰਦਾ ਹੈ ਜੋ ਉਸਦੇ ਹਿੱਤਾਂ ਦੀ ਪੂਰਤੀ ਲਈ ਲਾਹੇਬੰਦ ਹੈ। ਇੱਕ ਕੌਮ, ਇੱਕ ਭਾਸ਼ਾ, ਇੱਕ ਸਭਿਆਚਾਰ ਦਾ ਪ੍ਰਚਾਰ ਇਸੇ ਤੱਥ ਦੀ ਤਰਜ਼ਮਾਨੀ ਕਰਦਾ ਹੈ।

ਕੌਮੀਅਤਾਂ ਦਾ ਮਸਲਾ ਭਾਰਤ ਦੀਆਂ ਵੱਖ-ਵੱਖ ਕੌਮੀਅਤਾਂ ਦੇ ਸੰਦਰਭ ਵਿੱਚ ਸਿਆਸੀ ਬਣ ਗਿਆ ਹੈ। ਕੇਂਦਰੀ ਸ਼ਕਤੀ ਦੀਆਂ ਮੁਦੱਈ ਰਾਜਨੀਤਕ ਸ਼ਕਤੀਆਂ ਭਾਰਤ ਨੂੰ ਵੱਖ-ਵੱਖ ਕੌਮੀਅਤਾਂ, ਭਾਸ਼ਾਈ ਇਕਾਈਆਂ, ਸਭਿਆਚਾਰਕ ਬਹੁ ਬਚਨੀ ਵਖਰੇਵਿਆਂ ਨੂੰ ਮਾਨਤਾ ਨਹੀਂ ਦਿੰਦੀਆਂ ਸਗੋਂ ਇੱਕ ਕੌਮ, ਇੱਕ ਭਾਸ਼ਾ, ਇੱਕ ਸਭਿਆਚਾਰਕ ਦਾ ਪ੍ਰਚਾਰ ਹੀ ਨਹੀਂ ਕਰਦੀਆਂ ਸਗੋਂ ਰਾਜ ਸ਼ਕਤੀ ਦੇ ਆਸਰੇ ਬਹੁ- ਕੌਮਾਂ, ਭਾਸ਼ਾਵਾਂ ਅਤੇ ਸਭਿਆਚਾਰਾਂ ਨੂੰ ਜਬਰੀ ਖ਼ਤਮ ਕਰਨ ਦੇ ਰਾਹ ਪਈਆਂ ਹਨ। ਸਿਆਸੀ ਚੇਤਨਾ ਨਾਲ ਉਤਪੋਤ ਸਾਹਿਤਕਾਰ, ਲੋਕ ਹਿੱਤਾਂ ਦੀ ਖ਼ਾਤਰ ਅਨਿਆ ਦੇ ਵਿਰੋਧ ਵਿੱਚ ਖੜ੍ਹਦੇ ਹਨ। ਸਾਹਿਤ ਰਚਦੇ ਹਨ ਅਤੇ ਸਿਆਸੀ ਜਬਰ  ਸਹਿੰਦੇ ਹਨ। ਭਾਰਤ ਦੇ ਕੋਨੇ-ਕੋਨੇ 'ਚ ਸਾਹਿਤਕਾਰ, ਬੁੱਧੀਜੀਵੀ, ਪੱਤਰਕਾਰ ਮੌਜੂਦਾ ਹਾਕਮਾਂ ਵਲੋਂ ਚਲਾਏ ਦੇਸ਼ ਧ੍ਰੋਹ ਦੇ ਮੁਕੱਦਮਿਆਂ ਦਾ ਸਾਹਮਣਾ ਕਰਦੇ ਹੋਏ ਵੀ ਕੌਮੀਅਤਾਂ ਦੀ ਖ਼ੁਦ ਮੁਖਤਾਰ ਅਤੇ ਲੋਕ ਇਨਸਾਫ ਦਾ ਝੰਡਾ ਉਚਾ ਕਰੀ ਰੱਖਦੇ ਹਨ।

ਇਸ ਖਿੱਤੇ ਵਿੱਚ ਚਲੀਆਂ ਹੁਣ ਤੱਕ ਦੀਆਂ ਸਾਰੀਆਂ ਰਾਜਸੀ, ਧਾਰਮਿਕ, ਆਰਥਿਕ ਲਹਿਰਾਂ ਅਤੇ ਇਸ ਦੌਰਾਨ ਰਚੇ ਸਾਹਿਤ ਦਾ ਵਿਸਥਾਰ ਨਾਲ ਮੁਲੰਕਣ, ਲੇਖਾ-ਜੋਖਾ ਕਰਕੇ ਇਹ ਗੱਲ ਸਹਿਜੇ ਹੀ ਪ੍ਰਵਾਨ ਕਰਨ ਯੋਗ ਹੈ ਕਿ ਸਾਹਿਤ ਸਮਾਜ ਦਾ ਸ਼ੀਸ਼ਾ ਹੈ (ਲੈਨਿਨ)। ਇਸੇ ਗੱਲ ਨੂੰ ਅੱਗੇ ਤੋਰਦਿਆਂ ਟਰਾਟਸਕੀ ਕਹਿੰਦਾ ਹੈ ਕਿ ਸਾਹਿਤ ਸ਼ੀਸ਼ੇ ਵਿੱਚ ਸਮਾਜਕ ਵਿਵਸਥਾ ਦੀ ਸਥਿਤੀ ਨੂੰ ਦੇਖਦੇ ਉਸ ਵਿਚਲੇ ਚਿੱਬਾਂ ਨੂੰ ਠੀਕ ਕਰਨ ਲਈ ਇੱਕ ਹਥੋੜਾ ਵੀ ਹੈ। ਇਸੇ ਲਈ ਜਦੋਂ ਸਾਹਿਤਕ ਹਥੋੜਾ ਚੱਲਦਾ ਹੈ, ਤਾਂ ਸਿਆਸੀ ਧਿਰ ਉਪਰਾਮ ਹੁੰਦੀ ਹੈ ਅਤੇ ਸਾਹਿਤ ਨੂੰ ਆਪਣੇ ਨਿਸ਼ਾਨੇ 'ਤੇ ਲਿਆਉਂਦੀ ਹੈ। ਇਥੇ ਇਹ ਗੱਲ ਵੀ ਕਹਿਣੀ ਬਣਦੀ ਹੈ ਕਿ ਰਾਜਨੀਤੀ ਲੋਕਾਂ 'ਤੇ ਸਾਸ਼ਨ ਕਰਨ ਦੀ ਗੱਲ ਕਰਦੀ ਹੈ ਪਰ ਸਾਹਿਤ ਲੋਕਾਂ ਦੇ ਹਿੱਤ 'ਚ ਭੁਗਤਦਾ ਹੈ।

ਪੰਜਾਬ ਵਿੱਚ ਸਮਾਜਿਕ ਅਤੇ ਰਾਜਨੀਤਕ ਬਦਲਾਅ ਲਿਆਉਣ ਲਈ ਪੰਜਾਬੀ ਕਵੀਆਂ, ਪਾਸ਼, ਲਾਲ ਸਿੰਘ ਦਿਲ, ਸੰਤ ਰਾਮ ਉਦਾਸੀ, ਸੰਤ ਸੰਧੂ, ਰਵਿੰਦਰ ਸਹਿਰਾਅ ਵਰਗੇ ਦਰਜ਼ਨਾਂ ਕਵੀਆਂ ਨੇ ਲੋਕ ਚੇਤਨਾ ਪੈਦਾ ਕਰਨ ਦਾ ਯਤਨ ਕੀਤਾ, ਪਰ ਉਹ ਸਿਆਸੀ ਦੰਭ ਦਾ ਸ਼ਿਕਾਰ ਹੋਏ। ਸਟੇਟ ਪਾਵਰ ਨੇ ਉਹਨਾ ਦੀ ਆਵਾਜ਼ ਕੁਚਲਣ ਦਾ ਯਤਨ ਕੀਤਾ। ਜਸਵੰਤ ਸਿੰਘ ਕੰਵਲ ਆਪਣੇ ਲੋਕਾਂ ਦੀ ਸੰਘਰਸ਼ੀ ਧੁਨੀ ਦੀ ਪਛਾਣ ਕਰਦਿਆਂ ਰਾਤ ਬਾਕੀ ਹੈ, ਤਾਰੀਖ ਵੇਖਦੀ ਹੈ, ਲਹੂ ਦੀ ਲੋਅ, ਐਨਿਆਂ 'ਚੋਂ ਉਠਿਆ ਸੂਰਮਾ ਆਦਿ ਸਫ਼ਲ ਸਿਆਸੀ ਸੰਗਰਾਮਾਂ ਦੇ ਨਾਵਲਾਂ ਦੀ ਰਚਨਾ ਕਰਦਾ ਹੈ।

ਪੰਜਾਬ ਸਦਾ ਰਾਜਨੀਤਕ, ਆਰਥਿਕ, ਸਮਾਜਿਕ ਅਤੇ ਸਭਿਆਚਾਰਕ ਸੰਘਰਸ਼ਾਂ ਦੀ ਕਰਮ ਭੂਮੀ ਰਿਹਾ ਹੈ, ਮੁਜਾਹਰਾ ਲਹਿਰ, ਕਿਰਤੀ-ਕਿਰਸਾਨ ਲਹਿਰ, ਪਰਜਾ ਮੰਡਲ ਲਹਿਰ, ਖੁਸ਼ ਹੈਸੀਅਤ ਟੈਕਸ ਵਿਰੋਧੀ ਲਹਿਰ ਅਤੇ ਮੌਜੂਦਾ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਲਹਿਰ ਨੂੰ ਧਿਆਨ 'ਚ ਰੱਖਦਿਆਂ ਲੇਖਕਾਂ ਨੇ ਸਾਹਿਤ ਰਚਨਾ ਕੀਤੀ। ਇਹ ਲੋਕ ਸਰੋਕਾਰਾਂ ਨੂੰ ਪਰਨਾਈ ਵਿਹਰਮੀ-ਸੁਰ ਵਾਲਾ ਸਾਹਿਤ ਹੈ।

ਸਾਹਿਤ ਅਤੇ ਰਾਜਨੀਤੀ ਜਾਂ ਸਿਆਸਤ ਦਾ ਮੁਢ ਕਦੀਮ ਤੋਂ ਆਪਸ ਵਿੱਚ ਟੱਕਰ ਰਹੀ। ਰਾਜਨੀਤੀ ਮਨੁੱਖ ਨੂੰ ਅਧੀਨ ਕਰਨ ਦੀ ਕੋਸ਼ਿਸ਼ ਕਰਦੀ ਹੈ ਜਦੋਂ ਕਿ ਸਾਹਿਤ ਆਜ਼ਾਦੀ ਦਾ ਹਾਮੀ ਹੈ। ਸਿਆਸਤ ਨੇ ਸਾਹਿਤ ਨੂੰ ਲੋਕ ਹਿੱਤ ਵਰਤਣ ਦੀ ਵਿਜਾਏ ਆਪਣੇ ਹਿੱਤਾਂ ਲਈ ਵਰਤਣ ਦੀ ਕੋਸ਼ਿਸ਼ ਕੀਤੀ। ਪੰਜਾਬ ਵਿੱਚ ਬਾਬਾ ਫਰੀਦ ਜੀ ਦੇ ਸਲੋਕ ਵਿੱਚ ਬਗਾਵਤੀ ਸੁਰ ਦਿਸਦੀ ਹੈ, ਜਦੋਂ ਉਹਨਾ ਕਿਹਾ:-

ਬਾਰਿ ਪਰਾਇਐ ਬੈਸਣਾ ਸਾਂਈ ਮੁਝੈ ਦੇਹਿ
ਜੇ ਤੂ ਏਵੈ ਰਖਸੀ ਜੀਉ ਸਰੀਰਹੁ ਲੇਹਿ।

ਗੁਰਮਿਤ ਸਾਹਿਤ ਵਿੱਚ ਵੀ ਅਨੇਕਾਂ ਉਦਾਹਰਨਾਂ ਮਿਲਦੀਆਂ ਹਨ ਜਿਵੇਂ ਕਬੀਰ, ਬਾਬਾ ਨਾਨਕ ਨੇ ਅਪਾਣੇ ਸਾਹਿਤ ਵਿੱਚ ਰਾਜਨੀਤੀ ਦੀਆਂ ਬੁਰੀਆਂ ਅਲਾਮਤਾਂ ਦੀਆਂ ਧੱਜੀਆਂ ਉਡਾਈਆਂ ਹਨ। ਬਾਬਾ ਨਾਨਕ ਨੇ ਉਸ ਸਮੇਂ ਦੇ ਸਾਸ਼ਕਾਂ ਨੂੰ ਸਿੱਧੇ ਤੌਰ 'ਤੇ ਵੰਗਾਰਿਆ ਸੀ।

'ਰਾਜੇ ਸ਼ੀਹ ਮੁਕੱਦਮ ਕੁਤੇ, ਜਾਇ ਜਗਾਇਨ ਬੈਠੇ ਸੁੱਤੇ'

'ਏਤੀ ਮਾਰ ਪਈ ਕੁਰਲਾਵੇ ਤੈ ਕਿ ਦਰਦ ਨਾ ਆਇਆ'।

ਬਾਬਰ ਦਾ ਅਤਿਆਚਾਰ ਦੇਖਦੇ ਹੋਏ ਉਹਨਾ ਨੇ ਉਸ ਸਮੇਂ ਦੀ ਰਾਜਨੀਤੀ ਨੂੰ ਲੋਕ ਹਿੱਤ ਵਿੱਚ ਨਾ ਹੋਣ ਕਰਕੇ ਪੂਰੀ ਤਰ੍ਹਾਂ ਭੰਡਿਆ। ਸ਼ਾਹ ਮੁਹੰਮਦ ਨੇ ਅਗਰੇਜ਼ਾਂ ਤੇ ਸਿੱਖਾਂ ਦੀ ਲੜਾਈ ਦਾ ਬਿਆਨ ਆਪਣੀਆਂ ਲਿਖਤਾਂ ਵਿੱਚ ਜ਼ਿਕਰ ਕੀਤਾ-

ਸ਼ਾਹ ਮੁਹੰਮਦਾ ਇੱਕ ਸਰਕਾਰ ਬਾਝੋਂ ਫੌਜਾਂ ਜਿੱਤ ਕੇ ਅੰਤ ਨੂੰ ਹਾਰੀਆਂ ਨੇ...।

ਇਹ ਵੀ ਜ਼ਿੰਦਗੀ ਸਾਹਿਤ 'ਤੇ ਸਿਆਸਤ ਦਾ ਇੱਕ ਦਸਤਾਵੇਜ਼ ਹੈ। ਅੰਮ੍ਰਿਤਾ ਪ੍ਰੀਤਮ ਦੀ ਕਵਿਤਾ 'ਅੱਜ ਆਖਾ ਵਾਰਸ ਸ਼ਾਹ ਨੂੰ' ਵੀ ਇੱਕ ਰਾਜਨੀਤੀ ਜਾਂ ਸਿਆਸਤ ਨੂੰ ਵੰਗਾਰ ਸੀ। ਹੁਣ ਵੀ ਜਦੋਂ ਰਾਜਨੀਤੀ ਲੋਕ ਹਿੱਤ ਵਿੱਚ ਨਹੀਂ ਤੁਰਦੀ ਉਸ ਖਿਲਾਫ਼ ਸਾਹਿਤ ਮੈਦਾਨ ਵਿੱਚ ਨਿਤਰਦਾ ਹੈ-ਕਵੀ, ਲੇਖਕ, ਨਾਟਕਕਾਰ ਆਪਣੀਆਂ ਰਚਨਾਵਾਂ ਰਾਹੀਂ ਇਸ ਦਾ ਵਿਰੋਧ ਕਰਕੇ ਨੀਤੀਆਂ ਬਦਲਣ ਲਈ ਸੁਝਾਅ ਦਿੰਦੇ ਹਨ। ਨਿਡਰ ਹੋ ਕੇ ਮੈਦਾਨ ਵਿੱਚ ਆਉਂਦੇ ਹਨ ਭਾਵੇਂ ਬਹੁਤ ਵਿਚਰਵਾਨਾਂ ਨੂੰ ਜੇਲ੍ਹਾਂ ਦੇ ਦਰਵਾਜ਼ੇ ਅੰਦਰ ਡੱਕਿਆ ਜਾਂਦਾ ਹੈ। ਬਹੁਤ ਸਾਰੇ ਸਾਹਿਤਕਾਰ ਜੇਲ੍ਹਾਂ ਵਿੱਚ ਸ਼ਹੀਦ ਵੀ  ਹੋਏ ਤੇ ਹੋ ਰਹੇ ਹਨ। ਇਸਤੇ ਤਰ੍ਹਾਂ ਸਾਹਿਤ ਤੇ ਸਿਆਸਤ ਇੱਕ ਦੂਜੇ ਨੂੰ ਪ੍ਰਭਾਵਤ ਕਰਦੇ ਰਹਿੰਦੇ ਹਨ।

"ਰਾਜੇ ਸ਼ੀਹ ਮੁਕੱਦਮ ਕੁਤੇ" ਵਰਗੇ ਸ਼ਬਦ ਅਪਨਾਉਣ, ਸੱਚ ਨੂੰ ਪ੍ਰਚਾਰਣ ਲਈ ਗੁਰੂ ਨਾਨਕ ਦੇਵ ਜੀ ਨੂੰ ਚੱਕੀਆਂ ਪੀਸਣੀਆਂ ਪਈਆਂ।

ਗੁਰੂ ਅਰਜਨ ਦੇਵ ਜੀ ਨੂੰ ਤੱਤੀਆਂ ਤਵੀਆਂ 'ਤੇ ਬੈਠਣਾ ਪਿਆ, ਗੁਰੂ ਤੇਗ ਬਹਾਦਰ ਜੀ ਨੂੰ ਚਾਂਦਨੀ ਚੌਂਕ 'ਚ ਸੀਸ ਭੇਟ ਕਰਨਾ ਪਿਆ, ਗੁਰੂ ਗੋਬਿੰਦ ਸਿੰਘ ਜੀ ਨੂੰ ਸਰਬੰਸ ਵਾਰਨਾ ਪਿਆ। ਇਹ ਕੁਰਬਾਨੀਆਂ ਹੱਕ ਸੱਚ ਲਈ ਅਮੀਰ-ਗਰੀਬ, ਕਿਰਤੀ-ਵਿਹਲੜ, ਭਾਗੋ ਤੇ ਲਾਲੋ ਦੀ ਜਮਾਤੀ ਲੜਾਈ ਹੈ। ਇਸ 'ਚ ਲੋਕ ਹਿਤੈਸ਼ੀ 'ਸੱਚ ਸੁਣਾਇਸੀ ਸੱਚ ਦਾ ਵੇਲਾ' ਦੀ ਭਾਵਨਾ ਹੈ। ਸਿਆਸੀ ਦੰਭ ਨੂੰ ਇੱਕ ਲਲਕਾਰ ਹੈ। ਵਿਭਚਾਰੀ, ਭ੍ਰਿਸ਼ਟ ਸਿਆਸਤ ਨੂੰ ਸਿੱਧਾ ਚੈਲਿੰਜ ਹੈ ਅਤੇ ਭੈੜੇ ਸਿਆਸੀ ਤਾਣੇ-ਬਾਣੇ ਉਤੇ ਸਿੱਧੀ ਸੱਟ ਹੈ।

ਇਹ ਗੱਲ ਸਮਝਣ ਵਾਲੀ ਹੈ ਕਿ ਮਨੁੱਖੀ ਜ਼ਿੰਦਗੀ ਇੱਕ ਆਵੇਸ਼, ਅਕਸ, ਛਾਇਆ ਜਾਂ ਕਲਪਨਾ ਨਹੀਂ ਹੈ। ਸਗੋਂ ਇੱਕ ਪ੍ਰਵੇਸ਼-ਗੁਣ ਭਰਪੂਰ ਗਤੀਸ਼ੀਲਤਾ ਹੈ ਜੋ ਟਿਮਟਮਾਉਣ, ਵਿਗਸਣ, ਬਿਨਸਨ ਦੇ ਨਾਲ-ਨਾਲ ਸ਼ਬਦ ਗ੍ਰੰਥ, ਸਮਾਜ, ਇਤਿਹਾਸ ਅਤੇ ਦਰਸ਼ਨ ਦੀ ਸਿਰਜਨਾ ਅਤੇ ਸੰਭਾਲ ਕਰਦੀ ਹੈ। ਮਾਨਵ ਪ੍ਰਕਿਤਰਿਕ ਆਵੇਸ਼ ਦਾ ਭਾਗ ਹੈ। ਉਹ ਇਸ ਵਿੱਚ ਵਿਵੇਕ ਭਰਪੂਰ ਪ੍ਰਵੇਸ਼ ਕਰਦਿਆਂ ਵਿਪਰਿਤ ਸਥਿਤੀਆਂ ਨਾਲ ਨਿਰੰਤਰ ਟਕਰਾਓ, ਤਣਾਓ ਅਤੇ ਸੰਘਰਸ ਵਿੱਚ ਰਹਿੰਦਾ ਹੈ।

ਚੇਤਨਾ ਦਾ ਸੰਘਰਸ਼ ਉਸਨੂੰ ਸਾਹਿਤ ਰਚਨਾ ਲਈ ਪ੍ਰੇਰਿਤ ਕਰਦਾ ਹੈ। ਇਹੋ ਹੀ ਕਾਰਨ ਹੈ ਕਿ ਭਾਰਤੀ ਸਮਾਜਿਕ ਵਿਵਸਥਾ ਵਿੱਚ ਭ੍ਰਿਸ਼ਟਾਚਾਰ, ਦੁਰ-ਅਚਾਰ, ਰਾਜਨੀਤਕ ਮਕਾਰੀ, ਆਰਥਿਕ ਨਾ ਬਰਾਬਰੀ, ਜਾਤੀ-ਪਾਤੀ ਪ੍ਰਥਾ, ਮਿਹਨਤ ਦੀ ਲੁੱਟ, ਅਨੈਤਿਕ ਜਿਨਸੀ ਰਿਸ਼ਤਿਆਂ, ਸਭਿਆਚਾਰਕ ਗਿਰਾਵਟ, ਅਣ-ਮਨੁੱਖੀ ਵਿਵਹਾਰ ਨੂੰ ਹੀ ਸਾਹਿਤਕਾਰਾਂ ਨੇ ਨਿਸ਼ਾਨਾ ਨਹੀਂ ਬਣਾਇਆ ਸਗੋਂ ਇਸ ਵਰਤਾਰੇ ਵਿਰੁੱਧ ਸੰਘਰਸ਼ ਕਰਦੇ ਮਨੁੱਖ ਦੀ ਜਿੱਤ ਨੂੰ ਧੁਨੀ ਦੀ ਮਾਨਤਾ ਦਿੱਤੀ ਹੈ, ਇਥੋਂ ਤੱਕ ਕਿ ਪੰਜਾਬੀ ਮੱਧ ਕਾਲੀ ਕਿੱਸਾ ਕਾਵਿ ਦੀਆਂ ਪ੍ਰੀਤ ਕਥਾਵਾਂ ਹੀਰ-ਰਾਝਾਂ, ਸੱਸੀ ਪੰਨੂ, ਲੈਲਾ-ਮਜਨੂੰ, ਮਿਰਜ਼ਾ-ਸਾਹਿਬਾ ਆਦਿ ਦਾ ਕੇਂਦਰੀ ਪ੍ਰਤੀਕ ਸਿਰੜੀ ਅਤੇ ਸਿਦਕ ਦਿਲੀ ਵਾਲਾ ਰਿਹਾ ਹੈ। ਪ੍ਰਿੰਸੀਪਲ ਸੰਤ ਸਿੰਘ ਸੇਖੋਂ ਅਨੁਸਾਰ ਸਾਡੀਆਂ ਇਨ੍ਹਾਂ ਪ੍ਰਾਚੀਨ ਅਤੇ ਮੱਧ ਕਾਲੀਨ ਕਥਾਵਾਂ ਵਿਚਲਾ ਪ੍ਰਤੀਕ ਲੋਕ-ਮਿੱਤਰਤਾ ਵਾਲਾ ਰਿਹਾ ਹੈ ਜਿਸਦਾ ਅਰਥ ਮਨੁੱਖ ਦੁਆਰਾ ਆਪਣੇ ਅਧਿਕਾਰ ਜਾਂ ਇੱਛਾ ਦੀ ਪ੍ਰਾਪਤੀ ਲਈ ਪ੍ਰਕਿਰਤੀ ਜਾਂ ਸਮਾਜ ਉਸਾਰੀ ਦੀਆਂ ਵਿਰੋਧਤਾਈਆਂ ਵਾਲਾ ਹੈ।

ਇਸ ਸਮੇਂ ਸਾਹਿਤ, ਰਾਜਨੀਤੀ ਦੇ ਪਰਛਾਵੇਂ ਹੇਠ ਹੈ। ਨਿਰਪੱਖ ਪੱਤਰਕਾਰੀ, ਲੇਖਨੀ ਦੀ ਗੱਲ ਪ੍ਰਚਾਰੀ ਜਾ ਰਹੀ ਹੈ। ਜਦਕਿ ਇਹ ਸਪਸ਼ਟ ਹੈ ਕਿ ਸਾਹਿਤ,ਪੱਤਰਕਾਰੀ ਨਿਰਪੱਖ ਨਹੀਂ ਹੁੰਦੀ, ਉਹ ਜਾਂ ਤਾਂ ਲੋਕ ਹਿਤੈਸ਼ੀ ਹੁੰਦੀ ਹੈ ਜਾਂ ਲੋਕ ਵਿਰੋਧੀ। ਅੱਜ ਜਦੋਂ ਸਮਕਾਲ ਵਿੱਚ ਫਿਰਕਪ੍ਰਸਤੀ, ਧਾਰਮਿਕ ਕਾਨੂੰਨ ਪੁਨਰ ਸੁਰਜੀਤੀ ਦੀ ਮਾਨਸਿਕਤਾ ਦੜ ਦੜਾਉਂਦੀ ਫਿਰਦੀ ਹੈ। ਨਾਲ ਹੀ ਸਿਆਸਤ ਵਿੱਚ ਭ੍ਰਿਸ਼ਟਾਚਾਰ, ਬਦ ਦਿਆਨਤਕਾਰੀ ਦਾ ਬੋਲਬਾਲਾ ਹੈ ਅਤੇ ਭਾਰਤ ਦਾ ਹਰ ਸਧਾਰਨ ਮਨੁੱਖ ਕਾਲਾ ਬਜ਼ਾਰੀ, ਬੇਰੁਜ਼ਗਾਰੀ, ਮਾਨਸਿਕ ਗੁਲਾਮੀ, ਆਰਥਿਕ ਲੁੱਟ ਦੇ ਪੁੜਾਂ 'ਚ ਪਿੱਸ ਰਿਹਾ ਹੈ ਤਾਂ ਲੇਖਕ ਦਾ ਫਰਜ਼ ਬਣਦਾ ਹੈ ਕਿ ਉਹ ਇਸ ਪ੍ਰਸੰਗਕ ਸੱਚ ਨੂੰ ਬਿਆਨ ਹੀ ਨਾ ਕਰੇ ਸਗੋਂ ਪ੍ਰਸੰਗਕਤਾ ਦੀ ਸਥਿਤੀ  ਚੋਂ ਲੋਕਾਂ ਨੂੰ ਮੁਕਤ ਕਰਨ ਦਾ ਰਾਹ ਉਲੀਕੇ। ਮੈਂ ਰਸੂਲ ਹਮਜਾਤੋਵ ਦੇ ਇਸ ਕਥਨ "ਇਹ ਨਾ ਕਹੋ ਕਿ ਮੈਨੂੰ ਵਿਸ਼ਾ ਦੇਓ, ਸਗੋਂ ਇਹ ਕਹੋ ਕਿ ਮੈਨੂੰ ਅੱਖਾਂ ਦਿਓ" ਨਾਲ ਆਪਣੇ ਵਿਚਾਰ ਸਮਾਪਤ ਕਰਦਾ ਹਾਂ।

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।


LIVE OAK PUNJABI HERITAGE ASSOCIATION
PROUDLY PRESENTS
TEEYAN LIVE OAK DIYAN
BIGGEST & BEST
BACK FOR THE
15TH YEAR
DESIGN BY SUNNY KAMBOZ
ENTRY TICKET
1 RAFFLE TICKET
$20
AT THE GATE
KIDS UNDER
5YRS FREE
GARRY
Sandhu
MEET WITH
PROF.BALWINDER
KAUR BRAR
Sat, August 23th 2025 @2:00pm
LIVE OAK HIGH SCHOOL
2082 PENNINGTON RD-LIVE OAK CA 95953
FOR MORE INFORMATION & SPONSORSHIP CONTACT
JASWINDER 530 301 9258 | JAY 530 218 9095

E-MAIL:SALES@ezeldsolutions.com



EZ ELD SOLUTIONS
LOGBOOKS MADE EASY

TRACK YOUR TRUCK WITH
EZ TRUCK SOLUTION

ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ

FMCSA Complaint & Affordable
The Power of telematics in the palm of your hand
Compliance | Asset Tracking | Management

$100 HARDWARE
ONE-TIME FEE




$20 MONTHLY
SUBSCRIPTION

CRITICAL ENGINE DATA | Maintenance Entry | Tracking | Tire Pressure | Diagnostics | Refer temp.




24/7 TECHNICAL SUPPORT IN
ENGLISH,SPANISH AND PUNJABI.

CALL NOW +1 (800) 556-7105

Official Address : 2301 W Belmont ave, Fresno, CA 93727

# ivps

## India Visa & Passport Services

### ਸਾਰੇ ਹੀ ਕੰਮ ਬਹੁਤ ਹੀ ਸਸਤੇ ਰੇਟਾਂ ਤੇ ਕੀਤੇ ਜਾਂਦੇ ਹਨ।

| ਸੇਵਾਵਾਂ | SERVICES |
|---|---|
| ਪਾਸਪੋਰਟ ਨਵਾ ਬਣਾਉਣਾ ਹੋਵੇ ਜਾਂ ਉਸ ਦੀ ਤਰੀਕ ਵਧਾਉਣੀ ਹੋਵੇ | New or Renew Passport Application |
| ਇੰਡੀਆ ਜਾਣ ਲਈ ਵਾਪਸੀ ਪੱਤਰ ਲੈ ਕੇ ਪੱਕੇ ਤੋਰ ਤੇ ਇੰਡੀਆ ਜਾਣਾ ਹੋਵੇ | Emergency Certificate (EC)-Travel Document |
| ਇੰਡੀਆ ਦਾ ਵੀਜ਼ਾ ਲੈਣਾ ਹੋਵੇ | Sticker Visa or Evisa Application |
| Surrender ਸਰਟੀਫਕੇਟ ਲੈਣਾ ਹੋਵੇ | Renunciation/ Surrender Certificate application |
| OCI ਲੈਣ ਵਾਸਤੇ | OCI application |
| ਹੇਠ ਲਿਖੇ ਦਸਤਾਵੇਜ਼ਾਂ ਦੀ ਤਸਦੀਕ ਕਰਾਉਣੀ ਹੋਵੇ<br>• ਪਾਵਰ ਆਫ ਅਟਾਰਨੀ ਅਟੈਸਟ ਕਰਵਾਉਣਾ ਹੋਵੇ<br>• ਲ਼ਾਈਫ ਸਰਟੀਫਕੇਟ ਬਣਾਉਣ ਲਈ<br>• ਜੇਕਰ ਬੱਚਾ ਇੰਡੀਆ ਹੈ ਤਾਂ ਉਸ ਦਾ ਪਾਸਪੋਰਟ ਬਣਾਉਣ ਲਈ ਅਮਰੀਕਾ ਤੋਂ affidavit ਭੇਜਣਾ ਹੋਵੇ<br>• ਅਸਤ ਪਾਉਣ ਲਈ ਇੰਡੀਆ ਲੈਕੇ ਜਾਣ ਲਈ ਪੈਪਰ ਅਟੈਸਟ ਕਰਵਾਉਣੇ ਹੋਣ | Attestations of following documents<br>• Power of Attorney<br>• Life Certificate<br>• Affidavit for child passport to be issued India<br>• Death Documents Attestations - Transportation of Ashes/Mortal Remains to India |

**Surrender Certificate/ Visa ਜਾ Surrender Certificate/OCI ਲੈਣ ਲਈ Package Price ਵੀ ਦਿੰਦੇ ਹਾਂ।**





- ਅਸੀ ਤੁਹਾਡੀ ਸੇਵਾ ਵਿੱਚ 7 days a week ਹਾਜ਼ਰ ਹਾਂ।
- Emergency ਸਮੇਂ ਕਿਸੇ ਵੀ ਸਮੇਂ ਕਾਲ ਕਰੋ ਤੁਹਾਡੀ ਸੇਵਾ ਲਈ 24 ਘੰਟੇ ਹਾਜਰ ਹਾਂ। (Emergency ਸੇਵਾਵਾਂ ਦੇ ਵੱਖਰੇ ਪੈਸੇ ਲਏ ਜਾਣਗੇ)



**ਪਰੇਸ਼ਾਨ ਹੋਣ ਦੀ ਲੋੜ ਨਹੀ ਹੁਣੇ ਕਾਲ ਕਰੋ**

**Boota Singh Basi (209) 303-1260**


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
Video Advertising
POSTERS DESIGN
We design flyers, Posters and Post Cards to promote your business
Positive Vibes
BUSINESS CARD DESIGN
WE DESIGN YOUR BUSINESS CARD
COMPANY NAME
COMPANY
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਇਸਤਰੀ ਵਿੰਗ ਹੋ ਰਿਹਾ ਮਜ਼ਬੂਤ- ਰਸ਼ਪਿੰਦਰ ਕੌਰ ਗਿੱਲ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ




ਜੱਥੇਦਾਰ ਅਮਰੀਕ ਸਿੰਘ ਨੰਗਲ ਜੋ ਕਿ ਪਾਰਟੀ ਦੇ ਮਾਝਾ ਜ਼ੋਨ ਦੇ ਜੱਥੇਬੰਧਕ ਸਕੱਤਰ ਹਨ ਦੀ ਰਹਿਨੁਮਾਈ ਹੇਠ ਅਜਨਾਲਾ ਵਿਖੇ ਇਸਤਰੀ ਵਿੰਗ ਦੀ ਮਜ਼ਬੂਤੀ ਲਈ ਮੀਟਿੰਗ ਕਰਵਾਈ ਗਈ। ਜਿਸ ਵਿੱਚ ਇਸਤਰੀ ਵਿੰਗ ਦੇ ਜਨਰਲ ਸਕੱਤਰ ਰਸ਼ਪਿੰਦਰ ਕੌਰ ਗਿੱਲ ਨੇ ਹਾਜ਼ਰੀ ਭਰੀ। ਰਸ਼ਪਿੰਦਰ ਕੌਰ ਗਿੱਲ ਨੇ ਮੀਟਿੰਗ ਵਿੱਚ ਮਜੂਦ ਸਾਰੀਆਂ ਬੀਬੀਆਂ ਦੇ ਵਿਚਾਰ ਸੁਣੇ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਇਸਤਰੀ ਵਿੰਗ ਨੂੰ ਹੋਰ ਮਜ਼ਬੂਤ ਕਰਣ ਲਈ ਅੰਮ੍ਰਿਤਸਰ ਜ਼ਿਲੇ ਵਿੱਚ ਵੱਖ-ਵੱਖ ਸਥਾਨਾਂ ਉੱਤੇ ਜਾਗਰੂਕਤਾ ਸੈਮੀਨਾਰ ਕਰਣ ਦਾ ਮਤਾ ਪਾਸ ਕੀਤਾ। ਇਸ ਸਮੇਂ ਰਸ਼ਪਿੰਦਰ ਕੌਰ ਗਿੱਲ ਨੇ ਅਤੇ ਜੱਥੇਦਾਰ ਅਮਰੀਕ ਸਿੰਘ ਨੰਗਲ ਨੇ ਪਿਛਲੇ ਕਈ ਮਹੀਨਿਆਂ ਤੋਂ ਪਾਰਟੀ ਲਈ ਸੁਹਿਰਦਤਾ ਨਾਲ ਕੰਮ ਕਰ ਰਹੀਆਂ ਬੀਬੀਆਂ ਨੂੰ ਨਿਯੁਕਤੀ ਪੱਤਰ ਦੇ ਕੇ ਉਨ੍ਹਾਂ ਨੂੰ ਪਾਰਟੀ ਦੀਆਂ ਜਿੰਮੇਵਾਰੀਆਂ ਸੌਂਪੀਆਂ। ਮਨਦੀਪ ਕੌਰ ਨੰਗਲ ਨੂੰ ਦਿਹਾਤੀ ਪ੍ਰਧਾਨ ਜ਼ਿਲਾ ਅੰਮ੍ਰਿਤਸਰ ਇਸਤਰੀ ਵਿੰਗ, ਜਸਵਿੰਦਰ ਕੌਰ ਪ੍ਰਧਾਨ ਪਿੰਡ ਗੁਰੂ ਕਾ ਬਾਗ ਜ਼ਿਲਾ ਅੰਮ੍ਰਿਤਸਰ ਇਸਤਰੀ ਵਿੰਗ, ਬੀਬੀ ਸੰਦੀਪ ਕੌਰ ਪ੍ਰਧਾਨ ਪਿੰਡ ਰਮਦਾਸ ਜ਼ਿਲਾ ਅੰਮ੍ਰਿਤਸਰ ਇਸਤਰੀ ਵਿੰਗ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸ ਸਮੇਂ ਜਸਕਰਨ ਸਿੰਘ ਦਿਹਾਤੀ ਮੀਤ ਪ੍ਰਧਾਨ ਜ਼ਿਲਾ ਅੰਮ੍ਰਿਤਸਰ ਵੀ ਮਜੂਦ ਸਨ। ਇਸ ਸਮੇਂ ਬੀਬੀਆਂ ਦੇ ਪਰਿਵਾਰਕ ਮੈਂਬਰਾਂ ਦੀ ਮਜੂਦਗੀ ਇਹ ਸਾਬਿਤ ਕਰ ਰਹੀ ਸੀ ਕਿ ਇਹ ਸਾਰੇ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨਾਲ ਸ਼ਿੱਦਤ ਨਾਲ ਜੁੜੇ ਹੋਏ ਹਨ ਅਤੇ ਸਿਮਰਨਜੀਤ ਸਿੰਘ ਮਾਨ ਦੀ ਸੋਚ ਨਾਲ ਆਪਣੀ ਅਗਲੀ ਪੀੜੀ ਨੂੰ ਜੋੜ ਕੇ ਮਾਨ ਮਹਿਸੂਸ ਕਰ ਰਹੇ ਹਨ।

# ਪੰਜਾਬ ਸਰਕਾਰ ਨੇ ਉਦਯੋਗ ਜਗਤ ਨੂੰ ਸ਼ਸ਼ਕਤ ਬਣਾਉਣ ਲਈ "ਰਾਈਜ਼ਿੰਗ ਪੰਜਾਬ ਸਜੈਸ਼ਨਜ਼ ਟੂ ਸੌਲੂਸ਼ਨਜ਼" ਲੜੀ ਦੀ ਕੀਤੀ ਸ਼ੁਰੂਆਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਉਦਯੋਗ ਕ੍ਰਾਂਤੀ ਦ੍ਰਿਸਟੀਕੋਣ ਤਹਿਤ "ਰਾਈਜ਼ਿੰਗ ਪੰਜਾਬ-ਸਜੈਸ਼ਨਜ਼ ਟੂ ਸੌਲੂਸ਼ਨਜ਼" ਥੀਮ ਵਾਲੇ ਸਮਾਗਮਾਂ ਦੀ ਇੱਕ ਵਿਸ਼ੇਸ਼ ਲੜੀ ਦਾ ਐਲਾਨ ਕੀਤਾ। ਇਸ ਪਹਿਲਕਦਮੀ ਦੀ ਅਗਵਾਈ ਉਦਯੋਗ ਅਤੇ ਵਣਜ-ਕਮ-ਨਿਵੇਸ਼ ਪ੍ਰਮੋਸ਼ਨ ਮੰਤਰੀ ਸੰਜੀਵ ਅਰੋੜਾ ਕਰ ਰਹੇ ਹਨ। ਇਹ ਸਮਾਗਮ ਰਾਜ ਦੀਆਂ ਨਵੀਆਂ ਉਦਯੋਗ-ਅਨੁਕੂਲ ਨੀਤੀਆਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਸਰਕਾਰ ਅਤੇ ਉਦਯੋਗ ਜਗਤ ਦੇ ਆਗੂਆਂ ਵਿਚਕਾਰ ਗੱਲਬਾਤ ਲਈ ਸਿੱਧਾ ਪਲੇਟਫਾਰਮ ਪ੍ਰਦਾਨ ਕਰਨ ਲਈ ਤਿਆਰ ਕੀਤੇ ਗਏ ਹਨ।

ਮੁੱਖ ਖੇਤਰ

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਇਹ ਸਮਾਗਮ ਉਦਯੋਗ ਅਤੇ ਵਣਜ ਵਿਭਾਗ, ਪੀਐਸਆਈਈਸੀ, ਅਤੇ ਨਿਵੇਸ਼ ਪ੍ਰਮੋਸ਼ਨ ਵਿਭਾਗ ਦੇ ਮੁੱਖ ਸੁਧਾਰਾਂ ਨੂੰ ਉਜਾਗਰ ਕਰਨਗੇ। ਭਾਈਵਾਲਾਂ ਨੂੰ ਕਲੱਬਿੰਗ/ਡੀ-ਕਲੱਬਿੰਗ ਨੀਤੀ, ਪਲਾਟ ਫਰੈਗਮੈਂਟੇਸ਼ਨ ਨੀਤੀ, ਰੱਦ ਕੀਤੇ ਪਲਾਟਾਂ ਦੀ ਬਹਾਲੀ ਸਬੰਧੀ ਨੀਤੀ (ਅਪੀਲੇਟ ਅਥਾਰਟੀ ਰਾਹੀਂ), ਲੀਜ਼ਹੋਲਡ ਟੂ ਫ੍ਰੀਹੋਲਡ ਨੀਤੀ ਅਤੇ ਬਕਾਇਆਂ ਲਈ ਇੱਕ ਮੁਸ਼ਤ ਨਿਪਟਾਰਾ (ਓਟੀਐਸ) ਸਕੀਮ ਤੋਂ ਕਿਵੇਂ ਲਾਭ ਉਠਾਉਣਾ ਹੈ, ਇਸ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਜਾਵੇਗੀ।

ਇਸ ਪਹਿਲਕਦਮੀ ਬਾਰੇ ਬੋਲਦਿਆਂ ਉਦਯੋਗ ਮੰਤਰੀ ਸੰਜੀਵ ਅਰੋੜਾ ਨੇ ਕਿਹਾ "ਰਾਈਜ਼ਿੰਗ ਪੰਜਾਬ ਸਿਰਫ ਨੀਤੀਆਂ ਬਾਰੇ ਨਹੀਂ ਹੈ ਇਹ ਸਾਡੇ ਉਦਯੋਗਾਂ ਦੀ ਆਵਾਜ ਬਣਨ, ਉਨਾਂ ਦੀਆਂ ਜਰੂਰਤਾਂ ਨੂੰ ਸੁਣਨ ਅਤੇ ਜਮੀਨੀ ਪੱਧਰ ਤੇ ਉਹਨਾਂ ਦੇ ਅਸਲ ਹੱਲ ਲੱਭਣ ਬਾਰੇ ਹੈ। ਸਾਡਾ ਉਦੇਸ਼ ਪੰਜਾਬ ਨੂੰ ਨਿਵੇਸ਼ਕਾਂ ਅਤੇ ਉੱਦਮੀਆਂ ਲਈ ਮੌਕਿਆਂ ਦਾ ਕੇਂਦਰ ਬਣਾਉਣਾ ਹੈ, ਅਸੀਂ ਪੰਜਾਬ ਵਿੱਚ ਉਦਯੋਗ ਕ੍ਰਾਂਤੀ ਲਿਆ ਰਹੇ ਹਾਂ।"

ਪੰਜਾਬ ਦੇ ਵਿਕਾਸ ਨੂੰ ਸਸ਼ਕਤ ਬਣਾਉਣਾ

"ਰਾਈਜ਼ਿੰਗ ਪੰਜਾਬ" ਸਮਾਗਮ ਪੰਜਾਬ ਦੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਵਿੱਚ ਕ੍ਰਾਂਤੀ ਲਿਆਉਣ, ਕਾਰੋਬਾਰਾਂ ਵਿੱਚ ਵਿਸਥਾਰ, ਨਵੀਨਤਾ ਅਤੇ ਰੁਜ਼ਗਾਰ ਪੈਦਾ ਕਰਨ ਲਈ ਸਸ਼ਕਤ ਬਣਾਉਣ ਵਿੱਚ ਅਗਲੇਰਾ ਕਦਮ ਹੈ।



ਉਨਾਂ ਅੱਗੇ ਕਿਹਾ ਕਿ ਇਸ ਨਾਲ, ਪੰਜਾਬ ਸਰਕਾਰ ਇੱਕ ਪ੍ਰਗਤੀਸ਼ੀਲ, ਨਿਵੇਸ਼-ਅਨੁਕੂਲ ਅਤੇ ਵਿਕਾਸ-ਅਧਾਰਤ ਅਰਥਵਿਵਸਥਾ ਬਣਾਉਣ ਦੇ ਆਪਣੇ ਵਾਅਦੇ ਦੀ ਪੁਸ਼ਟੀ ਕਰਦੀ ਹੈ।

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਸਮਾਗਮਾਂ ਦਾ ਸ਼ੈਡਿਊਲ ਇਸ ਪ੍ਰਕਾਰ ਹੈ

ਇਵੈਂਟ ਸ਼ੈਡਿਊਲ
- ਅੰਮ੍ਰਿਤਸਰ-19 ਅਗਸਤ
- ਜਲੰਧਰ-20 ਅਗਸਤ
- ਲੁਧਿਆਣਾ-21 ਅਗਸਤ
- ਐਸਏਐਸ ਨਗਰ-25 ਅਗਸਤ
- ਬਠਿੰਡਾ-27 ਅਗਸਤ

# ਮੁਫ਼ਤ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਮਿਲੀ ਨਵੀਂ ਪ੍ਰਵਾਜ਼: ਸਪੀਕਰ ਕੁਲਤਾਰ ਸਿੰਘ ਸੰਧਵਾਂ

ਰਈਆ
ਕਾਰਤਿਕ ਰਿਖੀ



ਸਾਡੇ ਗੁਰੂ ਸਾਹਿਬਾਨ ਦੇ ਮਾਨਵਵਾਦੀ ਸਿਧਾਂਤਾਂ ਅਤੇ ਉਨਾਂ ਵੱਲੋਂ ਦਰਸਾਏ ਗਏ ਮਾਰਗ 'ਤੇ ਚੱਲਣਾ ਵਡੇਰੇ ਭਾਗਾਂ ਨਾਲ ਨਸੀਬ ਹੁੰਦਾ ਹੈ। ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਉਹ ਪੀਸੀਐਸ ਪ੍ਰੀਖਿਆ ਦੇ ਚਾਹਵਾਨਾਂ ਉਮੀਦਵਾਰਾਂ ਨੂੰ ਮੁਫ਼ਤ ਸਿੱਖਿਆ ਅਤੇ ਕੋਚਿੰਗ ਪ੍ਰਦਾਨ ਕਰਵਾਉਣ ਦੇ ਉਦੇਸ਼ ਨਾਲ ਰਾਜ ਮਲਹੋਤਰਾ ਦੁਆਰਾ ਚੰਡੀਗੜ੍ਹ ਵਿੱਚ ਚਲਾਏ ਜਾ ਰਹੇ 'ਆਈਏਐਸ ਸਟੱਡੀ ਗਰੁੱਪ' ਨਾਲ ਸੰਪਰਕ ਕੀਤਾ ਅਤੇ ਰਾਜ ਮਲਹੋਤਰਾ ਨੂੰ ਇਸ ਨੇਕ ਕਾਰਜ ਲਈ ਪ੍ਰੇਰਿਆ। ਉਨਾਂ ਨੇ ਸ. ਸੰਧਵਾਂ ਦੇ ਪ੍ਰਸਤਾਵ ਨੂੰ ਸਵੀਕਾਰ ਕਰ ਲਿਆ ਹੈ ਅਤੇ ਉਨਾਂ ਨੂੰ ਪੇਸ਼ਕਸ਼ ਕੀਤੀ ਹੈ ਕਿ ਉਹ ਪੀਸੀਐਸ (ਕਾਰਜਕਾਰੀ) ਮੁੱਢਲੀ ਪ੍ਰੀਖਿਆ-2025 (ਜਨਰਲ ਸਟੱਡੀਜ ਅਤੇ ਸੀਐਸਏਟੀ) ਦੀ ਤਿਆਰੀ ਲਈ ਪੰਜਾਬ ਦੇ ਸਾਰੇ ਚਾਹਵਾਨ ਉਮੀਦਵਾਰਾਂ ਨੂੰ ਮੁਫ਼ਤ ਕੋਚਿੰਗ ਪ੍ਰਦਾਨ ਕਰਨਗੇ। ਇਸ ਕੋਰਸ ਦੀ ਮਿਆਦ 45 ਦਿਨ ਹੋਵੇਗੀ ਅਤੇ ਇਹ ਸੰਸਥਾ ਆਪਣੇ ਨਤੀਜਾ-ਮੁਖੀ ਲਈ ਮਸ਼ਹੂਰ ਹੈ।

ਸਪੀਕਰ ਨੇ ਕਿਹਾ ਕਿ ਚਾਹਵਾਨ ਉਮੀਦਵਾਰ ਮੁਫ਼ਤ ਕੋਚਿੰਗ ਲਈ ਸਿੱਧੇ ਰਾਜ ਮਲਹੋਤਰਾ ਆਈਏਐਸ ਸਟੱਡੀ ਗਰੁੱਪ, ਚੰਡੀਗੜ੍ਹ ਨਾਲ ਸੰਪਰਕ ਕਰ ਸਕਦੇ ਹਨ। ਰਜਿਸਟ੍ਰੇਸ਼ਨ ਲਈ, ਵਿਦਿਆਰਥੀ 9814711661 'ਤੇ 'ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ।' ਲਿਖਕੇ ਵਟਸਐਪ ਸੁਨੇਹਾ ਭੇਜ ਸਕਦੇ ਹਨ। ਆਓ, ਇਸ ਮਹਾਨ ਪਹਿਲਕਦਮੀ ਦਾ ਹਿੱਸਾ ਬਣਕੇ ਅਤੇ ਆਪਣੀ ਕਿਸਮਤ ਬਦਲੋ।

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਿਰਫ ਇੱਕ ਮੌਕਾ ਨਹੀਂ ਹੈ, ਸਗੋਂ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦੇ ਸਫ਼ਰ ਦੀ ਸ਼ੁਰੂਆਤ ਹੈ। ਇਸ ਪਹਿਲਕਦਮੀ ਤਹਿਤ, ਪੰਜਾਬ ਦੇ ਨੌਜਵਾਨਾਂ ਦੀ ਸਖ਼ਤ ਮਿਹਨਤ ਨੂੰ ਇੱਕ ਨਵੀਂ ਦਿਸ਼ਾ ਮਿਲੇਗੀ ਅਤੇ ਸਫ਼ਲਤਾ ਦੇ ਨਵੇਂ ਰਿਕਾਰਡ ਸਥਾਪਤ ਹੋਣਗੇ।

ਸਪੀਕਰ ਨੇ ਦੱਸਿਆ ਕੀਤਾ ਕਿ ਇਹ ਕਦਮ ਪੰਜਾਬ, ਪੰਜਾਬੀਅਤ ਅਤੇ ਪੰਜਾਬੀਆਂ ਦੀ ਤਰੱਕੀ ਲਈ ਇੱਕ ਇਨਕਲਾਬੀ ਪਹਿਲਕਦਮੀ ਸਾਬਿਤ ਹੋਵੇਗਾ। ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਅਤੇ ਕੋਚਿੰਗ ਪ੍ਰਦਾਨ ਕਰਨ ਦੇ ਉਦੇਸ਼ ਨਾਲ, ਇਸ ਪਹਿਲਕਦਮੀ ਵਿੱਚ ਰਜਿਸਟਰ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਦੀ ਕੋਈ ਸੀਮਾ ਨਹੀਂ ਹੈ।ਉਨਾਂ ਵਿਦਿਆਰਥੀਆਂ ਨੂੰ ਇਸ ਸੁਨਹਿਰੀ ਮੌਕੇ ਦਾ ਫਾਇਦਾ ਲੈਣ ਅਤੇ ਆਪਣੀਆਂ ਅਸੀਮ ਸੰਭਾਵਨਾ ਨੂੰ ਸਮਝਣ ਦੀ ਸਲਾਹ ਦਿੱਤੀ। ਸੰਧਵਾਂ ਨੇ ਕਿਹਾ ਕਿ ਸਫ਼ਲਤਾ ਤੁਹਾਡੀ ਉਡੀਕ ਕਰ ਰਹੀ ਹੈ, ਬੱਸ ਇੱਕ ਕਦਮ ਅੱਗੇ ਵਧੋ ਅਤੇ ਆਪਣਾ ਭਵਿੱਖ ਰੌਸ਼ਨ ਕਰ ਲਵੋ।

Space available for Ad
Contact # +1 (209) 303-1260




JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

☬ ੧ੴ ਸਤਿਗੁਰ ਪ੍ਰਸਾਦਿ ☬

# Sikh Gurdwara San Jose

## Current Parbandhak Committee Slate Accomplishments & Election Manifesto 2025

ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ॥ Sachahu orai sabh ko, upar sach aachaar.

Dear Members of Sikh Gurdwara San Jose,
Waheguru Ji Ka Khalsa, Waheguru Ji Ki Fateh

*Sikh Gurdwara San Jose serves as a vibrant religious, educational, and cultural center for the Sikh community in the Bay Area and beyond. Our mission is to "Inspire and Uplift the Sikh Community through the Teachings of Sri Guru Granth Sahib; Upholding Truth, Service, Unity, and Justice while Fostering Religious, Educational, Cultural, and Social Enrichment for All in the spirit of Sarbat Da Bhalla".*

Over the past term, your current committee has worked with dedication to uphold the above mission and through it the stature of our Gurdwara Sahib and Sangat. We have served the Sangat through religious, social, health, and youth-focused programs. We thank the Sangat for its unwavering support and now humbly ask for your vote in the upcoming Gurdwara Committee Elections on October 12th, 2025.

## Our Journey So Far / Accomplishments

**COVID-19 Response & Global Support:**

- During the challenging times of COVID-19, our Sangat stayed in Chardikalaa thanks to online relay of Gurbani and Keertan programs to them at home. Keertan Programs were expanded to whole day.
- Guru Nanak Khalsa School continued the classes online, keeping them engaged.
- The Gurdwara facilitated vaccination clinics for both Sangat and the surrounding community.
- Guidance was provided to help families apply for government financial assistance.
- Meals were served to front line workers in hospitals. Also provided to Police for distribution to the homeless.
- Groceries were delivered to homes of needy seniors and also distributed to the needy at Gurdwara sahib.
- The Parbandhak Committee went beyond borders and shipped ventilators to DGPC and SGPC run hospitals in Delhi and Amritsar.
- Special thanks are due to the Sangat for their financial contributions and to the staff for their dedication.

**Spiritual Enrichment & Gurbani Programs**

- **Highly Qualified Religious Staff:** Sikh Gurdwara San Jose has high caliber seven resident Ragi Jathaas and a Kathaakar, who provide high quality Keertan and Kathaa the year round. The programs are relayed the world over through Gurdwara App, Youtube and Facebook.
- **31-Raag Keertan Program**: A global event held annually for 3 days, featuring renowned Keertan Jathas. Sangat from around the world joins live.
- **Important Gurpurabs Celebrations**: We celebrate all Gurpurabs and events like Hola Mahalla, Vaisakhi, Bandhi Chhord Divas, Shaheedi week and New Year eve. Hola Mahalla celebration is unique among Gurdwaras in USA.
- **Sehaj Paths for World Peace**: Over 120 families participate in home-based Sehaj Paths, followed by Ardas at the Gurdwara.
- **Gurbani Santhya**: A learning initiative teaching correct pronunciation and understanding of Gurbani to Sangat.
- **Gurbani Display Technology**: A student-led team in India provides live Gurbani displays during Keertan at our Gurdwara and two others. More Gurdwaras are joining this respected program.

**Youth Engagement & Development:**

- **Sri Hemkunt Foundation International Sikh Youth Symposium and Keertan Darbar 2024:** Over 600 guests from all over USA and England participated. The program featured powerful youth speeches and soul stirring Keertan. Program got praise for flawless organization and generous hospitality.

- **Hosted Teg-e-Johar Gatka Competition:** Youth from Gurdwaras across California participated. The youth demonstrated high level of Skill, Discipline and Valor highlighting the Sikh heritage of traditional martial art
- **Constructed Volleyball and Basketball court**. Our professionally trained **Basketball teams** now compete in tournaments across California & Indiana. Sports camps are now organized frequently
- **Started a Scholarship Program** in 2020 for deserving students. Over 12 scholarships have been awarded so far. Five recipients have completed their studies and are now working in their professions while maintaining their Sikhi Saroop.
- **College Prep Program:** Started a college prep program to prepare the high school students for college admissions. Program provides tutoring in English, Math, Science and Computer programming. Arrangements are being made to provide counselling on the financial aid and college application process.

**Elders & Wellness:**

- **Started a senior engagement program** offering Naam Simran, Exercise, Social interaction, and Wellness activities.

**Education & Sikh Identity:**

- Promoted the **Sikh way of life** from *Oora to Joora* through Guru Nanak Khalsa School (GNKS). Children join at age of three and half year and graduate after studying Gurmat, Sikh history and learning to read Gurbani from Sri Guru Granth Sahib. Over 550 students were enrolled last year. The school completed 36 years of operation in 2025.
- **Keertan Training For Youth**: Nearly 150 students were enrolled in the Keertan program at Guru Nanak Khalsa School last year. Ten highly trained teachers provide the education in art of singing Gurbani and playing musical instruments. These students perform regularly in the Gurdwara Diwans. Students graduate after learning to perform Keertan in more than 12 Raags. Playing Sikh Heritage Tanti Saaz is encouraged.
- **Sikh Heritage Symphony (SHS)**: Our SHS students from GNKS, have performed at Carnegie Hall, a globally renowned venue, promoting Sikh music and values to non-Sikhs. They just returned after performing Keertan at several historical Gurdwaras in India.
- **Gurmat Camps:** Gurmat camps are organized twice a year to engage children with Gurbani, Keertan and Sikh history during vacation time.
- Weekly **Turban Tying Program** for all ages, with enthusiastic participation from young children.

**Health & Wellness**

- **Guru Nanak Free Medical Center**: Provides medical care to uninsured individuals, staffed by licensed physicians.
- Continued **food drives, blood donations**, and outreach programs as ambassadors of Gurdwara Sahib

**Gender Equality**

- **Lohri Program for Gender Equality**: Celebrated annually with over 70 families bringing newborns to receive blessings and gifts.
- **Encouraged Women's Keertan program,** Education and Leadership

**Safety & Civic Engagement**

- Established a **trained volunteer security team** to ensure safety and assist with parking.
- Actively engaged in **local and district-level policy advocacy**, representing Sikh values and community interests.

**Sound Financial Management: In spite of increased programs & expenses and Covid related deficit, Gurdwara Sahib has a $3 Million Cash or Cash like securities as financial reserve. Ours is the only Gurdwara that has posted its last 20 years of audited account statements online.**

# Our Vision for the Future/Manifesto

We promise to keep serving as one family, one Sangat, one community — working for ***Sarbat Da Bhalaa***

## Religious and Cultural Initiatives

- Commemorate the 350th Shaeedi Gurupurab of Sri Guru Teg Bahadur Ji and other milestone Gurpurabs. Collaborate with other Gurdwaras for these celebrations and other religious programs.
- Expand space for Weddings and other religious programs by building second stories on the North and South halls. This will also provide additional space for Guru Nanak Khalsa School classes.
- Complete the Sikh Museum to feature legacy of Sikh Raj and establish a 1984 Shaheedi Memorial.
- Open House Programs to introduce non-sikhs to Sikhism to promote Awareness and understanding of Sikhism
- Invite/hire English speaking Parcharaks to engage the Youth into Sikhi Programs

## Youth & Education

- ***Guru Nanak Khalsa School (GNKS):***
  - Add higher level classes for graduating students to strengthen their Gurbani Reading, Gurmat and Rehat Maryada training.
  - Mandatory training of teachers/parents for practices to prevent, notice and report child abuse.
  - Accreditation of Punjabi language courses from GNKS in regular schools via parental initiatives
- ***College Prep Program:***
  - Engage/hire Accredited high school teachers/volunteers to lead the tutoring programs in English, Mathematics, Natural and Computer Sciences.
  - Strengthen the college counselling program
  - Build a Robotics Lab
- ***Scholarships Program:*** Expand the scholarships program to provide special scholarships for children of needy Gurdwara registered members.
- ***Sports:*** Enhance the Sports Center (Basketball court, gatka and other health-focused activities)

## Wellness & Family Support

- ***Senior Community Center:*** Expand the senior community program of Naam Simran, Exercise, Socialization and Lunch to reach a wider audience of our congregation.
- ***Family Wellness Programs:*** Provide counselling for family issues like parenting, marital relationships and drug abuse. Religious programs to provide guidance through Gurbani and Sikh History.
- ***New Immigrant Family Support:*** Provide Guidance and support to newly immigrated families, helping them navigate their new environment and settle smoothly.
- ***Funeral Arrangements:*** Collaboration with nearby Funeral homes for affordable cremation arrangements

## Media, Technology & Outreach

- ***Social Media:*** Enhance Gurdwara Social Media presence and outreach for Sikh causes
- ***A/V Studio:*** Build a soundproof Audio/Visual studio for preparing Sikhi Parchar and Educational Videos

## Community & Civic Engagement:

- Help Sikhs gain Representation in U.S. Political offices.
- Bring awareness of Sikh Issues to City, State, and Federal Leaders

## Infrastructure & Sustainability:

- Upgrade and modernize the Langar Kitchen with improved facilities and powered equipment for handling heavy utensils and hot liquids.
- Implement improvements to the parking infrastructure and traffic management to reduce congestion and enhance overall traffic flow.
- Expand Electrical Vehicle infrastructure by Installing additional EV Charging Stations
- Upgrade Solar System and integrate Backup power solution for increased energy reliability
- Strengthening security measure throughout the Gurdwara Sahib complex to ensure safe environment
- Establish and implement a schedule for routine maintenance of Gurdwara facilities.




## Current Parbandhak Committee Slate Candidates

## ਮੌਜੂਦਾ ਪ੍ਰਬੰਧਕ ਕਮੇਟੀ ਸਲੇਟ ਦੇ ਉਮੀਦਵਾਰ

**ELECTION DATE** October 12th, 2025 (Sunday)



Bhupindar S. Dhillon / ਭੁਪਿੰਦਰ (ਬੋਬ) ਸਿੰਘ ਢਿਲੋਂ
Dr. Gurinder Pal Singh / ਡਾ: ਗੁਰਿੰਦਰ ਪਾਲ ਸਿੰਘ
Pritam Singh Grewal / ਪ੍ਰੀਤਮ ਸਿੰਘ ਗਰੇਵਾਲ
Narinder Kaur Meharu / ਨਰਿੰਦਰ ਕੌਰ ਮਹੇੜੂ
Rajinder Singh Manger / ਰਾਜਿੰਦਰ ਸਿੰਘ ਮੰਗਰ
Surjit Singh Bains / ਸੁਰਜੀਤ ਸਿੰਘ ਬੈਂਸ
Sohan Singh Dhanota / ਸੋਹਨ ਸਿੰਘ ਧਨੋਤਾ



Sukhdev Singh Bainiwal / ਸੁਖਦੇਵ ਸਿੰਘ ਬੈਨੀਵਾਲ
Gurpreet Singh / ਗੁਰਪ੍ਰੀਤ ਸਿੰਘ
Harduman (Billa) S. Sanghera / ਹਰਦੁਮਨ (ਬਿੱਲਾ) ਸਿੰਘ ਸੰਘੇੜਾ
Sharanjit Kaur Bhandal / ਸ਼ਰਨਜੀਤ ਕੌਰ ਭੰਡਾਲ
Harparminder S. Powar / ਹਰਪ੍ਰਮਿੰਦਰ ਸਿੰਘ ਪੋਵਾਰ
Jorawar Singh / ਜੋਰਾਵਰ ਸਿੰਘ
Dr. Balbir Singh Bains / ਡਾ: ਬਲਬੀਰ ਸਿੰਘ ਬੈਂਸ



Kuldip Singh Shergill / ਕੁਲਦੀਪ ਸਿੰਘ ਸ਼ੇਰਗਿਲ
Gurpreet Singh Sethi / ਗੁਰਪ੍ਰੀਤ ਸਿੰਘ ਸੇਠੀ
Bahadur Singh Deol / ਬਹਾਦੁਰ ਸਿੰਘ ਦਿਉਲ
Pritpal Kaur / ਪ੍ਰਿਤਪਾਲ ਕੌਰ
Dr. Harjinder Singh Ladhar / ਡਾ: ਹਰਜਿੰਦਰ ਸਿੰਘ ਲੱਧੜ
Gurbux Singh Dhillon / ਗੁਰਬਖ਼ਸ਼ ਸਿੰਘ ਢਿਲੋਂ
Kirpal Singh Atwal / ਕਿਰਪਾਲ ਸਿੰਘ ਅਠਵਾਲ

**ਸਾਧ ਸੰਗਤ ਨੂੰ ਹੱਥ ਜੋੜ ਕੇ ਬੇਨਤੀ ਕੀਤੀ ਜਾਂਦੀ ਹੈ ਇਹਨਾਂ ਉਮੀਦਵਾਰਾਂ ਨੂੰ ਆਪਣਾ ਵੋਟ ਪਾਓ ਅਤੇ ਸੇਵਾ ਕਰਨ ਦਾ ਮੌਕਾ ਦਿਓ**

# ਪੰਜਾਬ ਹੜ੍ਹ ਸਬੰਧੀ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ: ਡਾ. ਬਲਬੀਰ ਸਿੰਘ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਕਈ ਜ਼ਿਲ੍ਹਿਆਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਹੜ੍ਹ ਵਰਗੀਆਂ ਸਥਿਤੀਆਂ ਪ੍ਰਤੀ ਸਰਗਰਮ ਅਤੇ ਤੇਜ਼ੀ ਨਾਲ ਪ੍ਰਤੀਕਿਰਿਆ ਕਰਦਿਆਂ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਇੱਕ ਵਿਆਪਕ ਸਿਹਤ ਅਤੇ ਐਮਰਜੈਂਸੀ ਪ੍ਰਤੀਕਿਰਿਆ ਨੈੱਟਵਰਕ ਤਿਆਰ ਕੀਤਾ ਹੈ। ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਪ੍ਰਭਾਵਿਤ ਖੇਤਰਾਂ ਵਿੱਚ ਸਮੇਂ ਸਿਰ ਡਾਕਟਰੀ ਸਹਾਇਤਾ ਯਕੀਨੀ ਬਣਾਉਣ ਲਈ 438 ਰੈਪਿਡ ਰਿਸਪਾਂਸ ਟੀਮਾਂ (ਆਰ.ਆਰ.ਟੀਜ਼.), 323 ਮੋਬਾਈਲ ਮੈਡੀਕਲ ਟੀਮਾਂ ਅਤੇ 172 ਐਂਬੂਲੈਂਸਾਂ ਨੂੰ ਕਾਰਜਸ਼ੀਲ ਕੀਤਾ ਗਿਆ ਹੈ।

ਪੰਜਾਬ ਭਵਨ ਵਿਖੇ ਅੱਜ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਡੀ ਤਰਜੀਹ ਹਰ ਲੋੜਵੰਦ ਵਿਅਕਤੀ ਤੱਕ ਪਹੁੰਚਣਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਇਸ ਸੰਵੇਦਨਸ਼ੀਲ ਸਮੇਂ ਦੌਰਾਨ ਕੋਈ ਵੀ ਮਰੀਜ਼ ਕੋਈ ਵੀ ਡਾਕਟਰੀ ਸਹਾਇਤਾ ਤੋਂ ਬਿਨਾਂ ਨਾ ਰਹੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਹੜ੍ਹਾਂ ਕਾਰਨ ਪੈਦਾ ਹੋਣ ਵਾਲੀ ਕਿਸੇ ਵੀ ਸਿਹਤ ਐਮਰਜੈਂਸੀ ਦਾ ਸਾਹਮਣਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਗੁਰਦਾਸਪੁਰ ਵਿਖੇ ਕੀਤੀ ਸਮੇਂ ਸਿਰ ਦਖਲਅੰਦਾਜ਼ੀ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਦੱਸਿਆ ਕਿ ਜਦੋਂ ਪਾਣੀ ਦੇ ਵਧਦੇ ਪੱਧਰ ਕਾਰਨ ਸੱਤ ਪਿੰਡਾਂ ਦਾ ਸੰਪਰਕ ਟੁੱਟ ਗਿਆ ਸੀ, ਤਾਂ ਸਿਹਤ ਵਿਭਾਗ ਨੇ ਕਿਸ਼ਤੀ ਐਂਬੂਲੈਂਸਾਂ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੱਤੀ। ਉਹਨਾਂ ਅੱਗੇ ਕਿਹਾ ਕਿ ਇਸ ਤੇਜ਼ ਪ੍ਰਤੀਕਿਰਿਆ ਨਾਲ ਅੱਠ ਗਰਭਵਤੀ ਔਰਤਾਂ ਨੂੰ ਬਚਾਇਆ ਗਿਆ, ਜਿਨ੍ਹਾਂ ਵਿੱਚੋਂ ਇੱਕ ਨੇ ਡਾਕਟਰੀ ਨਿਗਰਾਨੀ ਹੇਠ ਸੁਰੱਖਿਅਤ ਢੰਗ ਨਾਲ ਆਪਣੇ ਬੱਚੇ ਨੂੰ ਜਨਮ ਦਿੱਤਾ। ਉਹਨਾਂ ਅੱਗੇ ਦੱਸਿਆ ਕਿ ਫਿਰੋਜ਼ਪੁਰ ਦੇ ਹੜ੍ਹ ਪ੍ਰਭਾਵਿਤ ਟਾਪੂ ਕਾਲੂ ਵਿੱਚ ਵੀ ਇਸੇ ਤਰ੍ਹਾਂ ਦੇ ਉਪਾਅ ਲਾਗੂ ਕੀਤੇ ਗਏ ਹਨ।

ਉਹਨਾਂ ਅੱਗੇ ਦੱਸਿਆ ਕਿ ਕਪੂਰਥਲਾ ਅਤੇ ਹੁਸ਼ਿਆਰਪੁਰ ਵਿਖੇ ਸਥਾਪਤ ਸਿਹਤ ਕੈਂਪਾਂ ਰਾਹੀਂ ਡਾਕਟਰੀ ਤਿਆਰੀ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ, ਜਿੱਥੇ 241 ਮਰੀਜ਼ ਪਹਿਲਾਂ ਹੀ ਇਲਾਜ ਕਰਵਾ ਚੁੱਕੇ ਹਨ। ਇਨ੍ਹਾਂ ਮਾਮਲਿਆਂ ਵਿੱਚ ਦਸਤ, ਗੈਸਟਰੋਐਂਟਰਾਈਟਿਸ, ਬੁਖਾਰ, ਚਮੜੀ ਦੀ ਐਲਰਜੀ ਅਤੇ ਅੱਖਾਂ ਦੀ ਲਾਗ ਸ਼ਾਮਲ ਹੈ। ਉਹਨਾਂ ਅੱਗੇ ਦੱਸਿਆ ਕਿ ਜ਼ਿਲ੍ਹਿਆਂ ਦੇ ਹਸਪਤਾਲਾਂ ਵਿੱਚ 2,000 ਤੋਂ ਵੱਧ ਬੈੱਡ ਲਗਾਏ ਗਏ ਹਨ ਅਤੇ ਰਾਜ ਨੇ ਕਿਸੇ ਵੀ ਸੰਭਾਵੀ ਮਹਾਂਮਾਰੀ ਨਾਲ ਨਜਿੱਠਣ ਲਈ ਆਗਾਮੀ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਗਿਆ ਹੈ।

ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਨਾਗਰਿਕਾਂ ਨੂੰ ਭਰੋਸਾ ਦਿਵਾਉਂਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਾਲੇ ਤੱਕ ਬਹੁਤ ਘੱਟ ਮਾਮਲੇ ਸਾਹਮਣੇ ਆਏ ਹਨ, ਪਰ ਫਿਰ ਵੀ ਲੋਕਾਂ ਨੂੰ ਚੌਕਸ ਰਹਿਣਾ ਚਾਹੀਦਾ ਹੈ। ਉਹਨਾਂ ਅੱਗੇ ਦੱਸਿਆ ਕਿ ਸਿਹਤ ਸਟਾਫ਼, ਆਸ਼ਾ ਅਤੇ ਪੈਰੀਫਿਰਲ ਸੈਂਟਰਾਂ ਵਿੱਚ ਕਲੋਰੀਨ ਦੀਆਂ ਗੋਲੀਆਂ, ਓਆਰਐਸ ਅਤੇ ਜ਼ਰੂਰੀ ਦਵਾਈਆਂ ਉਪਲਬਧ ਹਨ। ਜੇਕਰ ਕਿਸੇ ਖਾਸ ਖੇਤਰ ਵਿੱਚ ਕੇਸਾਂ ਦੀ ਗਿਣਤੀ ਵੱਧ ਜਾਂਦੀ ਹੈ, ਤਾਂ ਅਸੀਂ ਤੁਰੰਤ ਇਲਾਜ ਮੁਹੱਈਆ ਕਰਵਾਉਣ ਲਈ ਦੂਜੇ ਅਤੇ ਤੀਜੇ ਦਰਜੇ ਦੇ ਦੇਖਭਾਲ ਹਸਪਤਾਲਾਂ ਨਾਲ ਸੰਪਰਕ ਕੀਤਾ ਹੋਇਆ ਹੈ।

ਉਹਨਾਂ ਨੇ ਲੋਕਾਂ ਨੂੰ ਸਿਹਤ ਸਮੱਸਿਆਵਾਂ ਦੀ ਰਿਪੋਰਟ ਕਰਨ ਅਤੇ ਸਹਾਇਤਾ ਲੈਣ ਲਈ ਸਰਕਾਰ ਦੇ ਟੋਲ ਫ੍ਰੀ ਹੈਲਪਲਾਈਨ ਨੰਬਰ 104 'ਤੇ ਕਾਲ ਕਰਨ ਲਈ ਕਿਹਾ। ਉਹਨਾਂ ਅੱਗੇ ਕਿਹਾ ਕਿ ਹਰੇਕ ਵਿਅਕਤੀ ਨੂੰ ਸਿਰਫ਼ ਉਬਲੇ ਹੋਏ ਜਾਂ ਕਲੋਰੀਨੇਟਡ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ। ਪਾਣੀ ਦੀ ਗੁਣਵੱਤਾ ਦੀ ਜਾਂਚ ਲਈ ਸਿਹਤ ਟੀਮਾਂ ਨੂੰ ਬੇਨਤੀ ਕੀਤੀ ਜਾਣੀ ਚਾਹੀਦੀ ਹੈ ਅਤੇ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਬਾਸੀ ਭੋਜਨ ਖਾਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

ਪੰਜਾਬ ਸਿਹਤ ਵਿਭਾਗ ਫਿਰੋਜ਼ਪੁਰ, ਫਾਜ਼ਿਲਕਾ, ਤਰਨਤਾਰਨ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਕਪੂਰਥਲਾ ਸਮੇਤ ਉੱਚ-ਜੋਖਮ ਵਾਲੇ ਖੇਤਰਾਂ ਵਿੱਚ ਡਾਕਟਰੀ ਅਤੇ ਬਚਾਅ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਐਸਡੀਆਰਐਫ, ਐਨਡੀਆਰਐਫ, ਫੌਜ, ਆਈਐਮਏ, ਰੈੱਡ ਕਰਾਸ ਅਤੇ ਐਨਜੀਓ ਨਾਲ ਨੇੜਿਓਂ ਤਾਲਮੇਲ ਕਰ ਰਿਹਾ ਹੈ।

ਡਾ. ਬਲਬੀਰ ਸਿੰਘ ਨੇ ਪਿਛਲੇ ਸਾਲ ਸ਼ੁਰੂ ਕੀਤੀ ਗਈ ਪੰਜਾਬ ਦੀ ਚੱਲ ਰਹੀ ਮੁਹਿੰਮ 'ਹਰ ਸ਼ੁਕਰਵਾਰ, ਡੇਂਗੂ ਤੇ ਵਾਰ' ਦੇ ਉਤਸ਼ਾਹਜਨਕ ਨਤੀਜਿਆਂ 'ਤੇ ਵੀ ਚਾਨਣਾ ਪਾਇਆ। ਮੰਤਰੀ ਨੇ ਕਿਹਾ ਕਿ ਹਰ ਸ਼ੁੱਕਰਵਾਰ ਅਸੀਂ ਪੰਚਾਇਤਾਂ ਅਤੇ ਸਥਾਨਕ ਸੰਸਥਾਵਾਂ ਦੀ ਮਦਦ ਨਾਲ ਮੱਛਰਾਂ ਦੇ ਪ੍ਰਜਨਨ ਸਥਾਨਾਂ ਨੂੰ ਸਰਗਰਮੀ ਨਾਲ ਖਤਮ ਕਰਦੇ ਹਾਂ। ਇਸ ਸਾਲ 17 ਅਗਸਤ ਤੱਕ, ਪੰਜਾਬ ਵਿੱਚ ਡੇਂਗੂ ਨਾਲ ਕੋਈ ਮੌਤ ਨਹੀਂ ਹੋਈ, ਜਦੋਂ ਕਿ ਪਿਛਲੇ ਸਾਲਾਂ ਵਿੱਚ ਸਾਲਾਨਾ 35-40 ਮੌਤਾਂ ਹੁੰਦੀਆਂ ਸਨ। ਉਹਨਾਂ ਅੱਗੇ ਕਿਹਾ ਕਿ ਡੇਂਗੂ ਦੇ ਮਾਮਲੇ ਕਾਬੂ ਹੇਠ ਹਨ ਅਤੇ ਅਸੀਂ ਤਿੰਨ ਗੁਣਾ ਵਧੀ ਹੋਈ ਦਰ ਨਾਲ ਫਿਊਮੀਗੇਸ਼ਨ, ਲਾਰਵੇ ਦੀ ਨਿਗਰਾਨੀ ਅਤੇ ਟੈਸਟਿੰਗ ਜਾਰੀ ਰੱਖ ਰਹੇ ਹਾਂ।

ਇਸੇ ਤਰ੍ਹਾਂ ਦਸਤ ਦੇ ਪ੍ਰਭਾਵ ਨੂੰ ਵੀ ਕਾਫ਼ੀ ਹੱਦ ਤੱਕ ਕਾਬੂ ਕਰ ਲਿਆ ਗਿਆ ਹੈ, ਇਸ ਸੀਜ਼ਨ ਵਿੱਚ ਸਿਰਫ਼ ਤਿੰਨ ਛੋਟੇ ਮਾਮਲੇ ਹੀ ਰਿਪੋਰਟ ਕੀਤੇ



ਗਏ ਹਨ।

ਡਾ. ਬਲਬੀਰ ਸਿੰਘ ਨੇ ਪੁਸ਼ਟੀ ਕੀਤੀ ਕਿ ਪੰਜਾਬ ਭਰ ਵਿੱਚ ਕਿਸੇ ਵੀ ਸਰਕਾਰੀ ਸਿਹਤ ਸਹੂਲਤ ਵਿੱਚ ਦਵਾਈਆਂ ਦੀ ਕੋਈ ਕਮੀ ਨਹੀਂ ਹੈ। ਉਹਨਾਂ ਕਿਹਾ ਕਿ ਸਾਡੀਆਂ ਟੀਮਾਂ ਨਾਗਰਿਕਾਂ ਦੀ ਸੁਰੱਖਿਆ ਲਈ ਹਰ ਸਮੇਂ ਕੰਮ ਕਰ ਰਹੀਆਂ ਹਨ ਅਤੇ ਸਾਨੂੰ ਵਿਸ਼ਵਾਸ ਹੈ ਕਿ ਸੂਬਾ ਹੜ੍ਹਾਂ ਕਾਰਨ ਹੋਣ ਵਾਲੀ ਕਿਸੇ ਵੀ ਡਾਕਟਰੀ ਐਮਰਜੈਂਸੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਦੇ 169ਵੇਂ ਦਿਨ ਪੰਜਾਬ ਪੁਲਿਸ ਵੱਲੋਂ 286 ਥਾਵਾਂ 'ਤੇ ਛਾਪੇਮਾਰੀ, 57 ਨਸ਼ਾ ਤਸਕਰ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੇਦਸ਼ਾਂ 'ਤੇ ਵਿੱਢੇ ਗਏ "ਯੁੱਧ ਨਸ਼ਿਆਂ ਵਿਰੁੱਧ" ਦੇ 169ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 286 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 42 ਐਫਆਈਆਰਜ਼ ਦਰਜ ਕਰਕੇ 57 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 169 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 26, 023 ਹੋ ਗਈ ਹੈ। ਇਹਨਾਂ ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 461 ਗ੍ਰਾਮ ਹੈਰੋਇਨ, 415 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 31,550 ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਜਾਣਕਾਰੀ ਦਿੱਤੀ ਕਿ 59 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 335 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ 45 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।




# ਪੰਜਾਬ ਸਰਕਾਰ ਨੇ ਵਨ ਟਾਈਮ ਸੈਟਲਮੈਂਟ ਸਕੀਮ ਦੀ ਤਾਰੀਖ਼ 31 ਅਗਸਤ ਤੱਕ ਵਧਾਈ: ਡਾ. ਰਵਜੋਤ ਸਿੰਘ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਨੇ ਪ੍ਰਾਪਰਟੀ ਟੈਕਸ ਡਿਫਾਲਟਰਾਂ ਲਈ ਵਨ ਟਾਈਮ ਸੈਟਲਮੈਂਟ ਸਕੀਮ (ਓ.ਟੀ.ਐਸ) ਦੀ ਤਾਰੀਖ 31 ਅਗਸਤ, 2025 ਤੱਕ ਵਧਾ ਦਿੱਤੀ ਹੈ। ਇਸ ਸਕੀਮ ਤਹਿਤ ਸਰਕਾਰ ਵੱਲੋਂ ਘੱਟ ਜੁਰਮਾਨੇ ਦੇ ਨਾਲ ਬਕਾਇਆ ਟੈਕਸ ਅਦਾ ਕਰਨ ਮੌਕਾ ਦਿੱਤਾ ਗਿਆ ਹੈ।

ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਵਨ ਟਾਈਮ ਸੈਟਲਮੈਂਟ ਸਕੀਮ ਜੋ ਕਿ ਪਹਿਲਾਂ 15 ਅਗਸਤ ਤੱਕ ਲਾਗੂ ਸੀ, ਨੂੰ 31 ਅਗਸਤ, 2025 ਤੱਕ ਵਧਾ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਜਾਇਦਾਦ ਮਾਲਕਾਂ ਲਈ ਹੁਣ 31 ਅਗਸਤ ਤੱਕ ਬਕਾਇਆ ਪ੍ਰਾਪਰਟੀ ਟੈਕਸ ਜ਼ਮ੍ਹਾਂ ਕਰਾਉਣ 'ਤੇ ਵਿਆਜ ਪੈਨਲਟੀ ਮੁਆਫ਼ ਹੋਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਸਕੀਮ ਸਮੁੱਚੇ ਅਦਾਇਗੀ ਨਾ ਕੀਤੇ ਅਤੇ ਅੰਸ਼ਕ ਤੌਰ 'ਤੇ ਅਦਾ ਕੀਤੇ ਗਏ ਪ੍ਰਾਪਰਟੀ ਟੈਕਸਾਂ 'ਤੇ ਲਾਗੂ ਹੁੰਦੀ ਹੈ।

ਉਨ੍ਹਾਂ ਦੱਸਿਆ ਕਿ ਜਾਇਦਾਦ ਮਾਲਕ ਭੁਗਤਾਨ ਦੀ ਸਮਾਂ-ਸੀਮਾ ਦੇ ਆਧਾਰ 'ਤੇ ਵਿਆਜ ਅਤੇ ਜੁਰਮਾਨੇ 'ਤੇ ਛੋਟ ਦੇ ਨਾਲ ਆਪਣੇ ਬਕਾਇਆ ਟੈਕਸਾਂ ਦਾ ਭੁਗਤਾਨ ਕਰ ਸਕਦੇ ਹਨ। ਸਥਾਨਕ ਸਰਕਾਰਾਂ ਮੰਤਰੀ ਨੇ ਦੱਸਿਆ ਕਿ ਓ.ਟੀ.ਐਸ ਸਕੀਮ ਸ਼ੁਰੂ ਵਿੱਚ 15 ਮਈ ਤੋਂ 15 ਅਗਸਤ, 2025 ਤੱਕ ਉਪਲੱਬਧ ਸੀ, ਜਿਸਨੂੰ 31 ਅਗਸਤ, 2025 ਤੱਕ ਵਧਾ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ 31 ਅਗਸਤ, 2025 ਤੋਂ ਬਾਅਦ, ਬਕਾਇਆ ਪ੍ਰਾਪਰਟੀ ਟੈਕਸ ਭੁਗਤਾਨਾਂ 'ਤੇ 50 ਫੀਸਦੀ ਜੁਰਮਾਨਾ ਲਾਗੂ ਹੋ ਜਾਵੇਗਾ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਜਾਇਦਾਦ ਮਾਲਕ ਪੂਰਾ ਜੁਰਮਾਨਾ ਅਤੇ ਵਿਆਜ ਅਦਾ ਕੀਤੇ ਬਿਨਾਂ ਆਪਣੇ ਬਕਾਇਆ ਟੈਕਸਾਂ ਦਾ ਨਿਪਟਾਰਾ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਉਦੇਸ਼ ਪ੍ਰਾਪਰਟੀ ਮਾਲਕਾਂ ਨੂੰ ਆਪਣੇ ਬਕਾਏ ਦਾ ਭੁਗਤਾਨ ਕਰਨ ਅਤੇ ਹੋਰ ਜੁਰਮਾਨਿਆਂ ਤੋਂ ਬਚਣ ਲਈ ਉਤਸ਼ਾਹਿਤ ਕਰਨਾ ਹੈ। ਇਸ ਸਕੀਮ ਦੀ ਭੁਗਤਾਨ ਪ੍ਰਕਿਰਿਆ ਸਬੰਧੀ ਜਾਣਕਾਰੀ ਦਿੰਦਿਆਂ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਜਾਇਦਾਦ ਮਾਲਕ MSeva portl mseva.lgpunjab.gov.in ਰਾਹੀਂ ਆਪਣੇ ਟੈਕਸ ਆਨਲਾਈਨ ਅਦਾ ਕਰ ਸਕਦੇ ਹਨ ਜਾਂ ਆਪਣੇ ਸ਼ਹਿਰ ਦੇ ਨਗਰ ਨਿਗਮ ਦਫ਼ਤਰ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਾਰੀਆਂ ਜਾਇਦਾਦਾਂ ਦੇ ਮਾਲਕਾਂ ਲਈ ਆਪਣਾ ਪ੍ਰਾਪਰਟੀ ਟੈਕਸ ਰਿਟਰਨ ਭਰਨਾ ਲਾਜ਼ਮੀ ਹੈ।




IPW
INTERNATIONAL ASSOCIATION of PUNJABI WOMEN
Teeyan DA MELA
27TH ANNUAL
ONE N ONE ONLY
YUBA CITY
Since 1999
KARKE FLY AAWAN with JASMEEN AKHTAR
KAALI ACTIVA with RUPINDER HANDA
Mela Melna Da
AUGUST 31ST 2025
YUBA SUTTER FAIR GROUNDS
442 FRANKLIN AVEYUBA CITY, CA 95991
FOR PARTICIPATION, BOOTH BOOKINGS N SPONSORSHIP, PLEASE CONTACT
PARM TAKHAR
CALL (530) 845-4800
PARM TAKHAR (HOST)
JOT RANJIT KAUR (HOST)
KIRAT TAKHAR
NEETU HUNDAL
NAVI GILL
SITAL GURAYA
JAGDEEP DHILLON
PINNU BRAR
LOVELEEN SAMRA
SUKHY JHUTTY
HARDEEP BINNING
JASWANT DHILLON
MANINDER MAAN
MANDEEP KAUR
BAL SINDAL
HARNOOR KAUR
MADHUPREET KAUR
SHIVPREET BIHALA
SUKHNANDAN K LALLY

# ਪੰਜਾਬ ਦੇ ਪੱਤਰਕਾਰ ਭਾਈਚਾਰੇ ਲਈ ਮਾਣ ਦੀ ਗੱਲ- ਮਾਨ
# ਪੱਤਰਕਾਰਾਂ ਦੇ ਹੱਕਾਂ ਲਈ ਹਰ ਲੜਾਈ ਲੜਾਂਗੇ- ਬਲਵਿੰਦਰ ਜੰਮੂ




ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪ੍ਰੈੱਸ ਕੌਸਲ ਆਫ ਇੰਡੀਆਂ ਦੇ ਸਾਬਕਾ ਮੈਬਰ ਅਤੇ ਸੀਨੀਅਰ ਪੱਤਰਕਾਰ ਬਲਵਿੰਦਰ ਜੰਮੂ ਅੱਜ ਇੰਡੀਅਨ ਜਰਨਲਿਸਟਸ ਯੂਨੀਅਨ (ਆਈ.ਜੇ.ਯੂ) ਦੇ ਪ੍ਰਧਾਨ ਚੁਣੇ ਗਏ ਜਦਕਿ ਆਂਧਰਾ ਪ੍ਰਦੇਸ਼ ਦੇ ਸੀਨੀਅਰ ਪੱਤਰਕਾਰ ਸੋਮ ਸੁੰਦਰ ਸਕੱਤਰ ਜਨਰਲ ਚੁਣੇ ਗਏ ਹਨ। ਯੂਨੀਅਨ ਦੇ ਸੈਂਟਰਲ ਰਿਟਰਟਿੰਗ ਅਧਿਕਾਰੀ ਮਹੇਸ਼ ਕੁਮਾਰ ਸਿਨਹਾ ਨੇ ਇਹ ਜਾਣਕਾਰੀ ਦਿੱਤੀ ਹੈ। ਇੰਡੀਅਨ ਜਰਨਲਿਸਟਸ ਯੂਨੀਅਨ ਦੇਸ਼ ਦੇ ਪੱਤਰਕਾਰਾਂ ਦਾ ਸੱਭ ਤੋ ਵੱਡੀ ਯੂਨੀਅਨ ਹੈ। ਪੰਜਾਬ ਲਈ ਇਹ ਮਾਣ ਵਾਲੀ ਗੱਲ ਹੈ ਕਿ ਦੇਸ਼ ਦੀ ਸਭ ਤੋ ਵੱਡੀ ਯੂਨੀਅਨ ਦੇ ਕਿਸੇ ਪੱਤਰਕਾਰ ਨੂੰ ਪਹਿਲੀ ਵਾਰ ਕੌਮੀ ਪੱਧਰ 'ਤੇ ਯੂਨੀਅਨ ਦਾ ਪ੍ਰਧਾਨ ਬਣਨ ਦਾ ਮੌਕਾ ਮਿਲਿਆ ਹੈ। ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਪ੍ਰਧਾਨ ਬਲਬੀਰ ਜੰਡੂ, ਕਾਰਜਕਾਰੀ ਪ੍ਰਧਾਨ ਜੈ ਸਿੰਘ ਛਿੱਬਰ, ਸੀਨੀਅਰ ਮੀਤ ਪ੍ਰਧਾਨ ਰਾਜਨ ਮਾਨ,ਜਨਰਲ ਸਕੱਤਰ ਭੂਸ਼ਨ ਸੂਦ, ਸਕੱਤਰ ਸੰਤੋਖ ਗਿੱਲ, ਭੁਪਿੰਦਰ ਮਲਿਕ, ਦਵਿੰਦਰ ਸਿੰਘ ਭੰਗੂ, ਡਾ.ਰਾਜਿੰਦਰ ਰਿਖੀ, ਬਲਵਿੰਦਰ ਸਿਪਰੇ, ਜਸਬੀਰ ਸਿੰਘ ਮਮਦੋਟ, ਡੀ.ਪੀ ਧਵਨ, ਬਲਦੇਵ ਸ਼ਰਮਾ, ਜਸਵੰਤ ਸਿੰਘ, ਨਿਰਮਲ ਪੰਡੋਰੀ, ਬਲਵਿੰਦਰ ਸਿੰਘ ਭੰਗੂ, ਬਲਰਾਜ ਸਿੰਘ ਰਾਜਾ, ਸਰਬਜੀਤ ਸਿੰਘ ਭੱਟੀ, ਸੁਖਨੈਬ ਸਿੱਧੂ, ਗੁਰ ਉਪਦੇਸ਼ ਭੁੱਲਰ, ਪਰਵਿੰਦਰ ਜੋੜਾ ਤੇ ਹੋਰਨਾਂ ਨੇ ਬਲਵਿੰਦਰ ਜੰਮੂ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਇੱਥੇ ਦੱਸਿਆ ਜਾਂਦਾ ਹੈ ਕਿ ਬਲਵਿੰਦਰ ਜੰਮੂ ਦਾ ਜਨਮ ਪਿੰਡ ਗਰਰੌਲਾ (ਪਟਿਆਲਾ) ਵਿਖੇ ਹੋਇਆ। ਉਹ ਕਾਲਜ ਸਮੇਂ ਤੋਂ ਹੀ ਵਿਦਿਆਰਥੀ ਸਿਆਸਤ ਨਾਲ ਜੁੜ ਗਏ ਸਨ। ਸਾਲ 1977-78 'ਚ ਆਲ ਇੰਡੀਆਂ ਸਟੂਡੈਟਸ ਫੈਡਰੇਸ਼ਨ ਵਿਚ ਸ਼ਾਮਲ ਹੋਏ ਅਤੇ ਪਟਿਆਲਾ ਤੋਂ ਪ੍ਰਧਾਨ ਬਣੇ। ਸਾਲ 1980-81 'ਚ ਬਲਵਿੰਦਰ ਜੰਮੂ ਪਟਿਆਲਾ ਦੇ ਮੁਲਤਾਨੀ ਮਲ ਮੋਦੀ ਕਾਲਜ 'ਚ ਪੜ੍ਹਨ ਦੌਰਾਨ 'ਸਟੂਡੈਂਟ ਕਾਉਂਸਿਲ' ਦੇ ਪ੍ਰਧਾਨ ਬਣੇ। ਉਹਨਾਂ ਨੂੰ 1985 'ਚ ਆਲ ਇੰਡੀਆਂ ਸਟੂਡੈਟ ਫੈਡਰੇਸ਼ਨ ਦਾ ਸੁਬਾਈ ਪ੍ਰਧਾਨ ਬਣਾ ਦਿੱਤਾ ਗਿਆ। ਵਿਦਿਆਰਥੀ ਜੀਵਨ ਦੌਰਾਨ ਦਿੱਲੀ ਬੋਟ ਕਲੱਬ ਵਿਖੇ ਪ੍ਰਦਰਸ਼ਨ ਕਰਦੇ ਹੋਏ ਉਨ੍ਹਾਂ ਨੂੰ ਹਿਰਾਸਤ ਵਿਚ ਲਿਆ ਗਿਆ ਤੇ ਪੰਜ ਦਿਨਾਂ ਤੱਕ ਤਿਹਾੜ ਜੇਲ੍ਹ ਵਿਚ ਬੰਦ ਰਹੇ। ਯੂਨੀਅਨ ਦੇ ਆਗੂਆਂ ਨੇ ਬਲਵਿੰਦਰ ਜੰਮੂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪੰਜਾਬ ਦੇ ਪੱਤਰਕਾਰ ਭਾਈਚਾਰੇ ਲਈ ਬੜੀ ਮਾਣ ਵਾਲੀ ਗੱਲ ਹੈ ਕਿ ਪੰਜਾਬ ਨੂੰ ਦੇਸ਼ ਦੀ ਸਭ ਤੋਂ ਵੱਡੀ ਪੱਤਰਕਾਰ ਯੂਨੀਅਨ ਦੀ ਨੁਮਾਇੰਦਗੀ ਕਰਨ ਦਾ ਮਾਣ ਹਾਸਲ ਹੋਇਆ ਹੈ। ਉਹਨਾਂ ਕਿਹਾ ਕਿ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਅਤੇ ਇੰਡੀਅਨ ਜਰਨਲਿਸਟਸ ਯੂਨੀਅਨ ਵਲੋਂ ਹਮੇਸ਼ਾਂ ਹੀ ਪੱਤਰਕਾਰਾਂ ਦੇ ਹੱਕਾਂ ਲਈ ਸੰਘਰਸ਼ ਕੀਤਾ ਜਾਂਦਾ ਆ ਰਿਹਾ ਹੈ। ਉਹਨਾਂ ਸਮੂਹ ਪੱਤਰਕਾਰ ਭਾਈਚਾਰੇ ਨੂੰ ਸੱਦਾ ਦਿੱਤਾ ਕਿ ਉਹ ਇਕ ਪਲੇਟਫਾਰਮ ਤੇ ਇਕੱਠੇ ਹੋਣ।

## ਯੁੱਧ ਨਸ਼ਿਆਂ ਵਿਰੁੱਧ
# ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀ ਜਾਵੇਗਾ- ਐਸ.ਐਸ.ਪੀ ਦਿਹਾਤੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਰਾਜ ਵਿੱਚ ਨਸ਼ਾ ਮੁਕਤੀ ਯਾਤਰਾ ਦੇ ਉਦੇਸ਼ਾਂ ਦੀ ਪੂਰਤੀ ਅਤੇ ਵੱਧ ਤੋਂ ਵੱਧ ਜਨਤਕ ਜਾਗਰੂਕਤਾ ਕਰਨ ਲਈ ਪਿੰਡਾਂ ਅਤੇ ਸ਼ਹਿਰਾਂ ਦੀਆਂ ਡਿਫੈਂਸ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ ਜੋ ਨਸ਼ਿਆਂ ਵਿਰੁੱਧ ਆਪਣਾ ਕੰਮ ਕਰਨਗੀਆਂ ਅਤੇ ਘਰ ਘਰ ਤੱਕ ਪਹੁੰਚ ਕਰਕੇ ਲੋਕਾਂ ਨੂੰ ਨਸ਼ੇ ਤੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨਗੀਆਂ ਅਤੇ ਕਿਸੇ ਵੀ ਨਸ਼ਾ ਵੇਚਣ ਵਾਲੇ ਨੂੰ ਬਖ਼ਸਿਆ ਨਹੀ ਜਾਵੇਗਾ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਬੀਤੇ ਦਿਨੀ ਐਸਐਸਪੀ ਦਿਹਾਤੀ ਮਨਿੰਦਰ ਸਿੰਘ ਨੇ ਪਿੰਡਾਂ ਵਿਚ ਬਣਾਈਆਂ ਜਾ ਰਹੀਆਂ ਡਿਫੈਸ ਕਮੇਟੀਆਂ ਦੇ ਮੈਬਰਾਂ ਨਾਲ ਮੀਟਿੰਗ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਪੁਲਸ ਪੂਰੀ ਮੁਸਤੈਦੀ ਨਾਲ ਆਪਣਾ ਕੰਮ ਕਰ ਰਹੀ ਹੈ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸਿਆ ਨਹੀ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਵਲੋ ਗੈਰ ਕਾਨੂੰਨੀ ਢੰਗ ਦੇ ਨਾਲ ਅਤੇ ਗੈਰ ਕਾਨੂੰਨੀ ਬਣਾਏ ਗਏ ਘਰਾਂ ਨੂੰ ਵੀ ਢਾਹਿਆ ਜਾ ਰਿਹਾ ਹੈ। ਮਨਿੰਦਰ ਸਿੰਘ ਨੇ ਕਿਹਾ ਕਿ ਕਮੇਟੀ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਦੀ ਪੁਲਿਸ ਜਾਂਚ ਜਰੂਰ ਕਰਵਾਈ ਜਾਵੇ ਤਾਂ ਜੋ ਪਤਾ ਲੱਗ ਸਕੇ ਕਿ ਉਨ੍ਹਾਂ ਦਾ ਰਿਕਾਰਡ ਸਾਫ ਸੁਥਰਾ ਹੈ।



ਮੀਟਿੰਗ ਦੌਰਾਨ ਨਸ਼ਾ ਮੁਕਤੀ ਮੋਰਚਾ ਮਾਝਾ ਜੋਨ ਦੀ ਇੰਚਾਰਜ ਅਤੇ ਹਲਕਾ ਰਾਜਾਸਾਂਸੀ ਦੀ ਇੰਚਾਰਜ ਮੈਡਮ ਸੋਨੀਆ ਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀਬਾਜੀ ਤੋਂ ਉਪਰ ਉਠ ਕੇ ਚੰਗੀਆਂ ਸਖਸ਼ੀਅਤਾਂ ਨੂੰ ਇਨ੍ਹਾਂ ਕਮੇਟੀਆਂ ਵਿੱਚ ਸ਼ਾਮਲ ਕੀਤਾ ਜਾਵੇ ਅਤੇ ਨਿਰਪੱਖ ਢੰਗ ਨਾਲ ਕਮੇਟੀਆਂ ਦੀ ਚੋਣ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਾਰੇ ਮਿਲ ਕੇ ਕੰਮ ਕਰਾਂਗੇ ਤਾਂ ਸੂਬੇ ਨੂੰ ਨਸ਼ਾ ਮੁਕਤ ਬਣਾ ਸਕਦੇ ਹਾਂ।

ਮੈਡਮ ਮਾਨ ਨੇ ਕਿਹਾ ਕਿ ਪੰਜਾਬ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅੰਤਿਮ ਦੌਰ ਵਿੱਚ ਪਹੁੰਚ ਚੁੱਕੀ ਹੈ ਅਤੇ ਪਿੰਡਾਂ ਤੇ ਸ਼ਹਿਰਾਂ ਲਈ ਡਿਫੈਂਸ ਕਮੇਟੀਆਂ ਪੰਜਾਬ ਵਿੱਚੋਂ ਨਸ਼ਾ ਤਸਕਰੀ ਦਾ ਖੁਰਾ-ਖੋਜ ਮਿਟਾ ਦੇਣਗੀਆਂ।

ਉਨ੍ਹਾ ਕਿਹਾ ਕਿ ਹੁਣ ਪਿੰਡਾਂ ਅਤੇ ਸ਼ਹਿਰਾਂ ਨੂੰ ਭਵਿੱਖ ਵਿੱਚ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਰੱਖਣ ਲਈ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਮੈਨੂੰ ਪੂਰਾ ਵਿਸ਼ਵਾਸ ਹੈ ਕਿ ਤੁਸੀਂ ਨਸ਼ਿਆਂ ਵਿਰੁੱਧ ਜੰਗ ਦੇ ਜਰਨੈਲ ਬਣ ਕੇ ਪਿੰਡਾਂ ਤੇ ਸ਼ਹਿਰਾਂ ਦੀ ਰਾਖੀ ਕਰੋਗੇ। ਅਸੀਂ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦਾ ਸੁਪਨਾ ਦੇਖਿਆ ਹੈ ਅਤੇ ਤੁਹਾਡੇ ਸਾਰਿਆਂ ਦੇ ਸਹਿਯੋਗ ਨਾਲ ਇਸ ਸੁਪਨੇ ਨੂੰ ਸਾਕਾਰ ਕਰਨ ਵਿੱਚ ਦੁਨੀਆ ਦੀ ਕੋਈ ਤਾਕਤ ਨਹੀਂ ਰੋਕ ਸਕਦੀ। ਅਸੀਂ ਪੰਜਾਬ ਦੀ ਅਣਖ, ਗੌਰਵ ਅਤੇ ਸਵੈ-ਮਾਣ ਨੂੰ ਬਹਾਲ ਕਰਨ ਦਾ ਸੰਕਲਪ ਲੈਂਦੇ ਹਾਂ। ਮੀਟਿੰਗ ਦੌਰਾਨ ਨਸ਼ਾ ਮੁਕਤੀ ਮੋਰਚਾ ਦੇ ਜਿਲ੍ਹਾ ਦਿਹਾਤੀ ਦੇ ਕੁਆਰਡੀਨੇਟਰ ਹੁਸਨਪ੍ਰੀਤ ਸਿਆਲਕਾ ਨੇ ਦੱਸਿਆ ਕਿ 100 ਫੀਸਦੀ ਨਸ਼ਾ ਮੁਕਤ ਹੋਣ ਦਾ ਟੀਚਾ ਹਾਸਲ ਕਰਨ ਵਾਲੇ ਪਿੰਡ ਜਾਂ ਵਾਰਡ ਨੂੰ ਸਰਕਾਰੀ ਪੱਧਰ 'ਤੇ ਮਾਨਤਾ ਦਿੱਤੀ ਜਾਵੇਗੀ ਅਤੇ ਇਸ ਪਿੰਡ ਜਾਂ ਵਾਰਡ ਦੇ ਕਮੇਟੀ ਮੈਂਬਰਾਂ ਨੂੰ ਵਿਸ਼ੇਸ਼ ਤੌਰ 'ਤੇ ਪ੍ਰਸੰਸਾ ਪੱਤਰ ਵੀ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕ ਹੁਣ ਨਸ਼ਾ ਖ਼ਤਮ ਕਰਨ ਲਈ ਅੱਗੇ ਆ ਚੁੱਕੇ ਹਨ ਅਤੇ ਕਿਸੇ ਵੀ ਪਿੰਡ ਵਿਚ ਨਸ਼ਾ ਵੇਚਣ ਵਾਲੇ ਨੂੰ ਬਖ਼ਸਿਆ ਨਹੀ ਜਾਵੇਗਾ ਅਤੇ ਉਸਦੀ ਸੂਚਨਾ ਪਿੰਡ ਵਾਸੀ ਤੁਰੰਤ ਪੁਲਸ ਨੂੰ ਪੁਜਦਾ ਕਰਨਗੇ। ਇਸ ਮੀਟਿੰਗ ਵਿੱਚ ਦਿਹਾਤੀ ਖੇਤਰ ਨਾਲ ਸਬੰਧਤ ਐਸ.ਪੀ, ਡੀ.ਐਸ.ਪੀਜ਼, ਐਸ.ਐਚ.ਓਜ਼ ਤੋਂ ਇਲਾਵਾ ਨਸ਼ਾ ਮੁਕਤੀ ਮੋਰਚੇ ਦੇ ਜ਼ਿਲ੍ਹਾ ਦਿਹਾਤੀ ਦੇ ਵਾਈਸ ਪ੍ਰੈਜ਼ੀਡੈਂਟ ਜੁਗਰਾਜ ਸਿੰਘ, ਹਲਕਾ ਕੁਆਰਡੀਨੇਟਰ ਗੱਜਣ ਸਿੰਘ ਅਟਾਰੀ, ਦਯਾ ਸਿੰਘ ਜੰਡਿਆਲਾ, ਕੁਲਦੀਪ ਸਿੰਘ ਬਾਬਾ ਬਕਾਲਾ, ਲੱਖਵਿੰਦਰ ਸਿੰਘ ਰਾਜਾਸਾਂਸੀ, ਪੰਥਜੀਤ ਸਿੰਘ ਅਜਨਾਲਾ ਅਤੇ ਤਰਸੇਮ ਸਿੰਘ ਗਿੱਲ ਮਜੀਠਾ ਹਾਜਰ ਸਨ।

# ਰਾਜ ਸਭਾ ਮੈਂਬਰ ਹਰਭਜਨ ਸਿੰਘ ਨੇ ਹੜ੍ਹ ਪੀੜਤਾਂ ਦੇ ਬੁਲੰਦ ਹੌਂਸਲੇ ਨੂੰ ਕੀਤਾ ਸਲਾਮ

ਸੁਲਤਾਨਪੁਰ ਲੋਧੀ
ਸਾਂਝੀ ਸੋਚ ਬਿਊਰੋ

ਦੋ ਰਾਜ ਸਭਾ ਮੈਂਬਰਾਂ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਕ੍ਰਿਕਟਰ ਹਰਭਜਨ ਸਿੰਘ ਵੱਲੋਂ ਮੰਡ ਇਲਾਕੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਹੜ੍ਹ ਦੇ ਪਾਣੀ ਵਿੱਚੋਂ ਟਰੈਕਟਰ ਦੀ ਮਦਦ ਨਾਲ ਦੋਵੇਂ ਮੈਂਬਰ ਪਾਰਲੀਮੈਂਟ ਪੀੜਤ ਲੋਕਾਂ ਦੇ ਘਰਾਂ ਤੱਕ ਪਹੁੰਚੇ। ਹੜ੍ਹ ਦੇ ਪਾਣੀ ਵਿੱਚ ਆਪਣੀਆਂ ਫਸਲਾਂ ਅਤੇ ਘਰਾਂ ਦਾ ਨੁਕਸਾਨ ਹੋਣ ਦੇ ਬਾਵਜੂਦ ਵੀ ਜਦੋਂ ਲੋਕਾਂ ਦੇ ਹੌਸਲੇ ਬੁਲੰਦ ਦੇਖੇ ਤਾਂ ਹਰਭਜਨ ਸਿੰਘ ਵੀ ਹੈਰਾਨ ਰਹੇ। ਗੱਲਬਾਤ ਦੌਰਾਨ ਹਰਭਜਨ ਸਿੰਘ ਨੇ ਕਿਹਾ ਕਿ ਕਿਸਾਨਾਂ ਦੀ ਹਜ਼ਾਰਾਂ ਏਕੜ ਫਸਲ ਬਰਬਾਦ ਹੋਣ ਦੇ ਬਾਵਜੂਦ ਵੀ ਉਹਨਾਂ ਦਾ ਮਨੋਬਲ ਨਹੀਂ ਡੋਲਿਆ ਸਗੋਂ ਹੌਂਸਲੇ ਪੂਰੀ ਤਰ੍ਹਾਂ ਨਾਲ ਬੁਲੰਦ ਹਨ। ਉਹਨਾਂ ਕਿਹਾ ਕਿ ਇਹੋ ਹੀ ਪੰਜਾਬੀਅਤ ਹੈ ਜਦੋਂ ਦੁੱਖਾਂ ਵਿੱਚ ਵੀ ਹੌਂਸਲਾ ਬਣਾਈ ਰੱਖਦੇ ਹਨ।

ਦੋਵੇਂ ਪਾਰਲੀਮੈਂਟ ਮੈਂਬਰਾਂ ਨੇ ਹੜ੍ਹ ਪੀੜਤਾਂ ਲਈ ਪਸ਼ੂਆਂ ਦਾ ਚਾਰਾ ਵੀ ਵੰਡਿਆ। ਹਰਭਜਨ ਸਿੰਘ ਨੇ ਆਪਣੇ ਹਮਰੁਤਬਾ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਕੰਮਾਂ ਦੀ ਪ੍ਰਸ਼ੰਸ਼ਾ ਕਰਦਿਆਂ ਕਿਹਾ ਕਿ ਲੋਕਾਂ ਤੇ ਜਦੋਂ ਵੀ ਸੰਕਟ ਬਣਦਾ ਹੈ ਤਾਂ ਉਹ ਮਦਦ ਵਾਸਤੇ ਹਮੇਸ਼ਾ ਮੋਹਰੀ ਭੂਮਿਕਾ ਨਿਭਾਉਂਦੇ ਹਨ। ਇਸੇ ਹੀ ਕਰਕੇ ਉਹਨਾਂ ਨੇ ਪਹਿਲੇ ਦਿਨ ਤੋਂ ਹੀ ਹੜ੍ਹ ਪੀੜਤਾਂ ਲਈ ਐਕਸਾਵੇਟਰ ਅਤੇ ਜੇ.ਸੀ.ਬੀ ਸਮੇਤ ਦੋ ਕਿਸ਼ਤੀਆਂ ਦਾ ਪ੍ਰਬੰਧ ਕਰਕੇ ਦੇ ਦਿੱਤਾ ਹੈ। ਇਸ ਮੌਕੇ ਹਰਭਜਨ ਸਿੰਘ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਉਹ ਬਾਬਾ ਜੀ ਨਾਲ ਮਿਲਕੇ ਕੇਂਦਰ ਤੇ ਪੰਜਾਬ ਸਰਕਾਰ ਨਾਲ ਇਸ ਮਸਲੇ ਤੇ ਗੰਭੀਰਤਾ ਨਾਲ ਉਠਾਉਣਗੇ ਤੇ ਇਸਦੇ ਹੱਲ ਲਈ ਯਤਨਸ਼ੀਲ ਰਹਿਣਗੇ। ਇਸ ਮੌਕੇ ਮੈਂਬਰ ਪਾਰਲੀਮੈਂਟ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਉਹ ਹੜ੍ਹਾਂ ਵਿੱਚ ਘਿਰੇ ਲੋਕਾਂ ਦੇ ਘਰਾਂ ਵਿੱਚ ਜਾ ਕੇ ਆਏ ਹਨ ਤੇ ਉਹਨਾਂ ਤੱਕ ਰਾਹਤ ਸਮੱਗਰੀ ਨੂੰ ਪਹੁੰਚਦਾ ਕੀਤਾ ਜਾ ਰਿਹਾ ਹੈ।


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ੴ



In Loving Memory Of

# Inderveer Singh Dhanoa

July 23, 1968 - August 16, 2025

Please Join Us For The Memorial Service

On August 24, 2025

At 11 A.M.

Fry Memorial 550 South Central Ave. Tracy.

Bhog & Langar To Follow At Gurdwara 11770

W Clover Rd Tracy, Ca

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- ✓ DPF Filter Cleaning
- ✓ Clutch
- ✓ Transmission
- ✓ New/Used Tires
- ✓ Oil Changes
- ✓ Wheel Balancing
- ✓ Truck & Trailer Repair
- ✓ All Major & Minor Repairs
- ✓ We Do Aluminum Welding
- ✓ Computer Check
- ✓ Differential
- ✓ Inspections
- ✓ Van/Reefer Work

WE PROVIDE SHUTLE SERVICE FOR ALL CUSTOMERS

hablamos español

We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK




**1003 Moffat Blvd,
Manteca CA 95336**

# 209-239-1551

# Chevron TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

# 10 ਸਾਲਾਂ ਤੋਂ ਅਮਰੀਕਾ 'ਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਿਹਾ ਭਾਰਤੀ ਨੌਜਵਾਨ ਹੋਇਆ ਗ੍ਰਿਫ਼ਤਾਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਤੋਂ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਗੁਜਰਾਤ ਦੇ ਮਹਿਸਾਣਾ ਜ਼ਿਲ੍ਹੇ ਦਾ ਨੌਜਵਾਨ ਬਿੱਟੂ ਅਮਰੀਕਾ 'ਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਿਹਾ ਸੀ ਅਤੇ ਹੁਣ ਪਿਛਲੇ 6 ਮਹੀਨਿਆਂ ਤੋਂ ਅਮਰੀਕੀ ਜੇਲ੍ਹ 'ਚ ਬੰਦ ਹੈ। ਉਸ ਦੀ ਗ੍ਰਿਫ਼ਤਾਰੀ ਫਰਵਰੀ 2025 ਵਿਚ ਹੋਈ ਸੀ, ਜਦੋਂ ਉਹ ਸ਼ਰਾਬ ਪੀ ਕੇ ਕਾਰ ਚਲਾ ਰਿਹਾ ਸੀ ਅਤੇ ਇਸ ਦੌਰਾਨ ਉਸ ਦੀ ਕਾਰ ਨਾਲ ਇਕ ਹਾਦਸਾ ਵਾਪਰ ਗਿਆ ਸੀ।

2015 ਤੋਂ ਬਿੱਟੂ ਅਮਰੀਕਾ 'ਚ ਬਿਨਾਂ ਕਾਨੂੰਨੀ ਦਸਤਾਵੇਜ਼ਾਂ ਦੇ ਰਹਿ ਰਿਹਾ ਸੀ। ਉਸ ਦੇ ਖ਼ਿਲਾਫ਼ ਪਹਿਲਾਂ ਹੀ ਡਿਪੋਰਟੇਸ਼ਨ ਲੈਟਰ ਜਾਰੀ ਹੋ ਚੁੱਕਾ ਸੀ, ਪਰ ਉਹ ਲੁੱਕ-ਛਿਪ ਕੇ ਆਪਣਾ ਜੀਵਨ ਬਿਤਾ ਰਿਹਾ ਸੀ। ਹਾਦਸੇ ਦੇ ਸਮੇਂ ਉਸ ਦੀ ਕਾਰ ਦਾ ਬੀਮਾ ਨਹੀਂ ਸੀ, ਜਿਸ ਕਾਰਨ ਉਸ 'ਤੇ ਹੋਰ ਗੰਭੀਰ ਦੋਸ਼ ਲੱਗ ਗਏ। ਬਿੱਟੂ ਦੀ ਗ੍ਰਿਫ਼ਤਾਰੀ ਵੇਲੇ ਉਸ ਦੀ ਪਤਨੀ ਪਿੰਕੀ 8ਵੇਂ ਮਹੀਨੇ ਦੀ ਗਰਭਵਤੀ ਸੀ। ਬੀਤੇ ਮਾਰਚ ਮਹੀਨੇ ਉਸ ਨੇ ਇਕ ਧੀ ਨੂੰ ਜਨਮ ਦਿੱਤਾ। ਗ੍ਰਿਫ਼ਤਾਰੀ ਕਾਰਨ ਅੱਜ ਤੱਕ ਬਿੱਟੂ ਨੂੰ ਆਪਣੀ ਧੀ ਨੂੰ ਗੋਦੀ 'ਚ ਚੁੱਕਣ ਤੱਕ ਦਾ ਵੀ ਮੌਕਾ ਨਹੀਂ ਮਿਲਿਆ। ਪਿੰਕੀ ਇਸ ਵੇਲੇ ਅਲਾਬਾਮਾ 'ਚ ਇਕੱਲੀ ਰਹਿ ਰਹੀ ਹੈ। ਪਤੀ ਦੀ ਗੈਰਹਾਜ਼ਰੀ ਕਾਰਨ ਉਹ ਆਪਣਾ ਤੇ ਆਪਣੀ ਧੀ ਦਾ ਢਿੱਡ ਭਰਨ ਲਈ ਬਿਨਾਂ ਤਨਖਾਹ ਦੇ ਤੇ ਸਿਰਫ਼ ਛੋਟੀ-ਮੋਟੀ ਮਦਦ ਲਈ ਘਰੇਲੂ ਕੰਮਕਾਜ ਕਰਦੀ ਹੈ। ਉਹ ਖ਼ੁਦ ਵੀ ਸਿਹਤ ਸਮੱਸਿਆਵਾਂ ਨਾਲ ਜੂਝ ਰਹੀ ਹੈ ਅਤੇ ਨਵਜੰਮੀ ਧੀ ਨੂੰ ਪਾਲਣ ਲਈ ਉਸ ਕੋਲ ਕੋਈ ਸਾਧਨ ਨਹੀਂ ਹੈ। ਬਿੱਟੂ 'ਤੇ ਡੀ.ਯੂ.ਆਈ. (ਡਰਾਈਵਿੰਗ ਅੰਡਰ ਇਨਫਲੂਐਂਸ), ਬੀਮੇ ਤੋਂ ਬਿਨਾਂ ਵਾਹਨ ਚਲਾਉਣਾ ਅਤੇ



ਗੈਰ-ਕਾਨੂੰਨੀ ਤੌਰ 'ਤੇ ਰਹਿਣ ਵਰਗੇ ਗੰਭੀਰ ਦੋਸ਼ ਲੱਗੇ ਹਨ। ਹੁਣ ਉਸ ਦਾ ਭਵਿੱਖ ਅਮਰੀਕੀ ਜੇਲ੍ਹ ਅਤੇ ਭਾਰਤ ਵਾਪਸੀ (ਡਿਪੋਰਟੇਸ਼ਨ) ਵਿਚਕਾਰ ਫਸਿਆ ਹੋਇਆ ਹੈ। ਇਹ ਮਾਮਲਾ ਇਕ ਵਾਰ ਫਿਰ ਦਰਸਾਉਂਦਾ ਹੈ ਕਿ ਅਮਰੀਕਾ 'ਚ ਗੈਰ-ਕਾਨੂੰਨੀ ਤਰੀਕੇ ਨਾਲ ਰਹਿ ਰਹੇ ਭਾਰਤੀ ਪਰਿਵਾਰ ਕਿਹੜੀਆਂ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਦੇ ਹਨ।

# ਨਾਮੀ ਨਸ਼ਾ ਤਸਕਰ ਵਿਰੁੱਧ ਬਲੂ ਕਾਰਨਰ ਨੋਟਿਸ ਜਾਰੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦਰਮਿਆਨ ਕੌਮਾਂਤਰੀ ਨਸ਼ਾ ਗਠਜੋੜ ਨੂੰ ਵੱਡਾ ਝਟਕਾ ਦਿੰਦਿਆਂ ਵਿਸ਼ੇਸ਼ ਜਾਂਚ ਟੀਮ ਦੇ ਸੁਚੱਜੇ ਯਤਨਾਂ ਉਪਰੰਤ ਕੈਨੇਡਾ-ਅਧਾਰਤ ਨਸ਼ਾ ਤਸਕਰ ਸਤਪ੍ਰੀਤ ਸਿੰਘ ਥਿਆੜਾ ਉਰਫ ਸੱਤਾ ਵਿਰੁੱਧ ਬਲੂ ਕਾਰਨਰ ਨੋਟਿਸ ਜਾਰੀ ਕੀਤਾ ਗਿਆ ਹੈ।

ਦੱਸਣਯੋਗ ਹੈ ਕਿ ਨਸ਼ਿਆਂ ਦੇ ਵਪਾਰ ਵਿੱਚ ਉਸਦੀ ਸ਼ਮੂਲੀਅਤ ਤੋਂ ਬਾਅਦ ਸਤਪ੍ਰੀਤ ਸਿੰਘ ਉਰਫ ਸੱਤਾ ਵਾਸੀ ਪਿੰਡ ਬੰਗਾ, ਨਵਾਂਸ਼ਹਿਰ ਨੂੰ ਸਾਲ 2021 ਵਿੱਚ ਬਿਕਰਮ ਸਿੰਘ ਮਜੀਠੀਆ ਵਿਰੁੱਧ ਦਰਜ ਐਨਡੀਪੀਐਸ ਐਕਟ ਦੇ ਕੇਸ ਵਿੱਚ ਸਹਿ-ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਸੀ। ਜ਼ਿਕਰਯੋਗ ਹੈ ਕਿ ਇਸ ਸਬੰਧੀ ਕੇਸ ਥਾਣਾ ਪੰਜਾਬ ਸਟੇਟ ਕ੍ਰਾਈਮ, ਐਸਏਐਸ ਨਗਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 25, 27ਏ ਅਤੇ 29 ਤਹਿਤ ਐਫਆਈਆਰ ਨੰਬਰ 02 ਮਿਤੀ 20/12/21 ਨੂੰ ਦਰਜ ਕੀਤਾ ਗਿਆ ਸੀ।

ਜਾਂਚ ਵਿੱਚ ਪਾਇਆ ਗਿਆ ਕਿ ਜਦੋਂ ਕੌਮਾਂਤਰੀ ਨਾਮੀ ਭੋਲਾ ਡਰੱਗ ਰੈਕੇਟ ਪੰਜਾਬ ਵਿੱਚ ਸਰਗਰਮ ਸੀ, ਉਸ ਸਮੇਂ ਦੋਸ਼ੀ ਸਤਪ੍ਰੀਤ ਸੱਤਾ 2007 ਤੋਂ 2013 ਦਰਮਿਆਨ ਨਿਯਮਿਤ ਤੌਰ 'ਤੇ ਭਾਰਤ ਆਉਂਦਾ ਰਿਹਾ। ਦੋਸ਼ੀ 6000 ਕਰੋੜ ਰੁਪਏ ਦੇ ਅੰਤਰਰਾਸ਼ਟਰੀ ਡਰੱਗ ਰੈਕੇਟ ਨਾਲ ਜੁੜਿਆ ਹੋਇਆ ਸੀ ਅਤੇ ਉਸ ਸਮੇਂ ਦੇ ਵੱਖ-ਵੱਖ ਸਿਆਸੀ ਵਿਅਕਤੀਆਂ ਨਾਲ ਉਸਦੇ ਨੇੜਲੇ ਸਬੰਧ ਸਨ।

ਪੰਜਾਬ ਪੁਲਿਸ ਦੇ ਬੁਲਾਰੇ ਨੇ ਕਿਹਾ ਕਿ ਵਿਸ਼ੇਸ਼ ਜਾਂਚ ਟੀਮ ਦੀ ਬੇਨਤੀ ਉਪਰੰਤ ਸਮਰੱਥ ਅਥਾਰਟੀ ਨੇ ਸਤਪ੍ਰੀਤ ਸੱਤਾ ਵਿਰੁੱਧ ਬਲੂ ਕਾਰਨਰ ਨੋਟਿਸ ਜਾਰੀ ਕੀਤਾ ਹੈ।

ਡੱਬੀ: ਬਲੂ ਕਾਰਨਰ ਨੋਟਿਸ ਕੀ ਹੁੰਦਾ ਹੈ?

ਇੰਟਰਪੋਲ ਦੁਆਰਾ ਜਾਰੀ ਕੀਤਾ ਗਿਆ ਬਲੂ ਕਾਰਨਰ ਨੋਟਿਸ ਅਪਰਾਧਿਕ ਜਾਂਚ ਦੌਰਾਨ ਕਿਸੇ ਵਿਅਕਤੀ ਦੀ ਪਛਾਣ, ਸਥਾਨ ਜਾਂ ਗਤੀਵਿਧੀਆਂ ਬਾਰੇ ਹੋਰ ਜਾਣਕਾਰੀ ਇਕੱਠਾ ਕਰਨ ਲਈ ਅਧਿਕਾਰਤ ਕਰਦਾ ਹੈ।

# 'ਯੁੱਧ ਨਸ਼ਿਆਂ ਵਿਰੁੱਧ': ਪੰਜਾਬ ਪੁਲਿਸ ਵੱਲੋਂ ਸੂਬੇ ਭਰ ਵਿੱਚ ਕਾਸੋ ਦੌਰਾਨ 272 ਨਸ਼ਿਆਂ ਦੇ ਹਾਟਸਪਾਟਸ 'ਤੇ ਛਾਪੇਮਾਰੀ

## 196 ਨਸ਼ਾ ਤਸਕਰ 2.4 ਕਿਲੋਗ੍ਰਾਮ ਹੈਰੋਇਨ ਤੇ 2 ਕਿਲੋਗ੍ਰਾਮ ਅਫੀਮ ਸਮੇਤ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਅਣਥੱਕ ਯਤਨਾਂ ਵਿੱਚ ਨਸ਼ਾ ਵਿਰੋਧੀ ਮੁਹਿੰਮ ਦੇ 170ਵੇਂ ਦਿਨ, ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਪਛਾਣੇ ਗਏ ਡਰੱਗ ਹਾਟਸਪਾਟਸ ਨਸ਼ਿਆਂ ਅਤੇ ਮਨੋਰੋਗ ਪਦਾਰਥਾਂ ਦੀ ਵਿਕਰੀ ਵਾਲੇ ਸਥਾਨਾਂ 'ਤੇ ਇੱਕ ਰਾਜ ਵਿਆਪੀ ਘੇਰਾਬੰਦੀ ਅਤੇ ਖੋਜ ਮੁਹਿੰਮ (ਕਾਸੋ) ਚਲਾਈ।

ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਰਾਜ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਕਾਸੋ ਮੁਹਿੰਮ ਚਲਾਈ ਗਈ। ਦੱਸਣਯੋਗ ਹੈ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਨਸ਼ੀਲੇ ਪਦਾਰਥਾਂ ਸਬੰਧੀ 272 ਹਾਟਸਪਾਟਾਂ 'ਤੇ ਛਾਪੇਮਾਰੀ ਕੀਤੀ, ਜਿਸ ਵਿੱਚ 164 ਐਫਆਈਆਰਜ਼ ਦਰਜ ਕਰਨ ਤੋਂ ਬਾਅਦ 196 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਿਸ ਟੀਮਾਂ ਨੇ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 2.4 ਕਿਲੋਗ੍ਰਾਮ ਹੈਰੋਇਨ, 2 ਕਿਲੋਗ੍ਰਾਮ ਅਫੀਮ, 30 ਕਿਲੋਗ੍ਰਾਮ ਗਾਂਜਾ, 13,451 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 15,020 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਨਿਰਦੇਸ਼ ਦਿੱਤੇ ਹਨ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ। ਇਸ ਕਾਰਵਾਈ ਦੀ ਨਿਗਰਾਨੀ ਕਰ ਰਹੇ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 1 ਮਾਰਚ, 2025 ਨੂੰ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਦੇ ਨਤੀਜੇ ਵਜੋਂ ਰਾਜ ਭਰ ਵਿੱਚ 16705 ਐਫਆਈਆਰਜ਼ ਦਰਜ ਕਰਨ ਤੋਂ ਬਾਅਦ 26085 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਉਹਨਾਂ ਦੇ ਕਬਜ਼ੇ ਵਿੱਚੋਂ 1076 ਕਿਲੋ ਹੈਰੋਇਨ, 372 ਕਿਲੋ ਅਫੀਮ, 217 ਕੁਇੰਟਲ ਭੁੱਕੀ, 415 ਕਿਲੋ ਗਾਂਜਾ, 32.53 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ, 6 ਕਿਲੋ ਆਈਸੀਈ ਅਤੇ 12.38 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਗਈ 'ਸੇਫ ਪੰਜਾਬ' ਐਂਟੀ-ਡਰੱਗ ਵਟਸਐਪ ਚੈਟਬੋਟ 97791-00200 ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਤਹਿਤ ਆਮ ਲੋਕਾਂ ਦੇ ਸੁਝਾਵਾਂ ਤੋਂ ਬਾਅਦ 5000 ਤੋਂ ਵੱਧ ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ।

ਸਪੈਸ਼ਲ ਡੀਜੀਪੀ ਨੇ ਸੂਬਾ ਵਾਸੀਆਂ ਨੂੰ ਸੇਫ਼ ਪੰਜਾਬ ਹੈਲਪਲਾਈਨ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਕਿਹਾ, ਜੋ ਨਾਗਰਿਕਾਂ ਨੂੰ ਆਪਣਾ ਨਾਮ ਦੱਸੇ ਬਿਨਾਂ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਦੀ ਰਿਪੋਰਟ ਕਰਨ ਯੋਗ ਬਣਾਉਂਦੀ ਹੈ।

# ਟਰੱਕ ਡਰਾਈਵਰ 'ਤੇ ਕਤਲ ਦੇ ਚਾਰਜ ਲੱਗੇ

ਫਰਿਜ਼ਨੋ
ਨੀਟਾ ਮਾਛੀਕੇ, ਕੁਲਵੰਤ ਧਾਲੀਆਂ

ਫਲੋਰੀਡਾ ਵਿੱਚ ਹੋਏ ਇੱਕ ਦਰਦਨਾਕ ਹਾਦਸੇ ਤੋਂ ਬਾਅਦ ਪੰਜਾਬੀ ਟਰੱਕ ਡਰਾਈਵਰ ਹਰਜਿੰਦਰ ਸਿੰਘ ਖ਼ਬਰਾਂ ਦੀਆਂ ਸੁਰਖੀਆਂ ਬਣਿਆ ਹੋਇਆ ਹੈ। ਪੁਲਿਸ ਨੇ ਉਸ 'ਤੇ 3 ਲੋਕਾਂ ਦੀ ਜਾਨ ਲੈਣ ਦੇ ਦੋਸ਼ਾਂ ਹੇਠ ਕਤਲ ਦਾ ਮਾਮਲਾ ਦਰਜ ਕੀਤਾ ਹੈ। ਰਿਪੋਰਟਾਂ ਮੁਤਾਬਕ, ਹਾਦਸਾ ਉਸ ਸਮੇਂ ਵਾਪਰਿਆ ਜਦੋਂ ਹਰਜਿੰਦਰ ਸਿੰਘ ਹਾਈਵੇ 'ਤੇ ਯੂ-ਟਰਨ ਮਾਰ ਰਿਹਾ ਸੀ। ਇਸ ਦੌਰਾਨ ਉਸਦੇ ਟਰੱਕ ਨਾਲ ਟੱਕਰ ਹੋਈ ਜਿਸ ਨਾਲ 3 ਲੋਕਾਂ ਦੀ ਮੌਤ ਹੋ ਗਈ। ਪੁਲਿਸ ਨੇ ਸਿੰਘ ਉਪਰ 3 ਕਤਲਾਂ ਦੇ ਦੋਸ਼, ਇਮੀਗ੍ਰੇਸ਼ਨ ਕਨੂੰਨਾਂ ਦੀ ਉਲੰਘਣਾ ਅਤੇ ਝੂਠੇ ਲਾਈਸੈਂਸ ਦੀ ਵਰਤੋਂ ਦੇ ਮਾਮਲੇ ਦਰਜ ਕੀਤੇ ਹਨ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਸਿੰਘ 2018 ਵਿੱਚ ਗੈਰਕਾਨੂੰਨੀ ਤਰੀਕੇ ਨਾਲ ਮੈਕਸੀਕੋ ਰਾਹੀਂ ਅਮਰੀਕਾ ਵਿੱਚ ਦਾਖਲ ਹੋਇਆ ਸੀ ਅਤੇ ਬਾਅਦ ਵਿੱਚ ਕੈਲੀਫੋਰਨੀਆ ਤੋਂ ਸ਼ਾਇਦ ਜਾਲਸਾਜ਼ੀ ਨਾਲ ਟਰੱਕ ਦਾ ਲਾਈਸੈਂਸ ਹਾਸਲ ਕੀਤਾ।



ਹਾਦਸੇ ਵੇਲੇ ਟਰੱਕ ਵਿੱਚ ਦੋ ਹੋਰ ਯਾਤਰੀ ਵੀ ਸਵਾਰ ਸਨ, ਜੋ ਕਿ ਕਮਰਸ਼ੀਅਲ ਟਰੱਕਿੰਗ ਨਿਯਮਾਂ ਅਨੁਸਾਰ ਗੈਰਕਾਨੂੰਨੀ ਹੈ। ਸਿੰਘ ਨੂੰ ਕਤਲ ਦੇ ਮਾਮਲੇ ਵਿੱਚ 7 ਤੋਂ 15 ਸਾਲ ਤੱਕ ਦੀ ਸਜ਼ਾ ਹੋ ਸਕਦੀ ਹੈ। ਪੁਲਿਸ ਦੇ ਅਨੁਸਾਰ, ਕੇਸ ਦੇ ਫੈਸਲੇ ਤੋਂ ਬਾਅਦ ਉਸਨੂੰ ਭਾਰਤ ਡਿਪੋਰਟ ਕਰਨ ਦੀ ਕਾਰਵਾਈ ਵੀ ਕੀਤੀ ਜਾਵੇਗੀ।

ਯਾਦ ਰਹੇ ਕਿ ਪਿਛਲੇ ਕੁਝ ਸਾਲਾਂ ਤੋਂ ਅਮਰੀਕੀ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਗੈਰਕਾਨੂੰਨੀ ਡਰਾਈਵਰਾਂ ਅਤੇ ਇਮੀਗ੍ਰੇਸ਼ਨ ਖ਼ਿਲਾਫ਼ ਸਖ਼ਤ ਰਵੱਈਆ ਅਪਣਾਇਆ ਹੋਇਆ ਹੈ। ਇਸ ਕਰਕੇ ਸੰਭਾਵਨਾ ਹੈ ਕਿ ਹਰਜਿੰਦਰ ਸਿੰਘ ਦੇ ਕੇਸ ਨੂੰ ਅਧਾਰ ਬਣਾਉਂਦੇ ਹੋਏ ਉਸਨੂੰ ਵੱਧ ਤੋਂ ਵੱਧ ਸਜ਼ਾ ਦਿੱਤੀ ਜਾਵੇ।

# ਡੀ ਸੀ ਨੇ ਸੈਲਫ਼ ਹੈਲਪ ਗਰੁੱਪਾਂ ਵੱਲੋਂ ਤਿਆਰ ਕੀਤੇ ਉਤਪਾਦ ਦੇਖੇ

ਜਲੰਧਰ
ਸਾਂਝੀ ਸੋਚ ਬਿਊਰੋ

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅੱਜ ਸਥਾਨਕ ਸ਼ਹੀਦ ਭਗਤ ਸਿੰਘ ਅੰਤਰਰਾਜੀ ਬੱਸ ਟਰਮੀਨਲ ਦਾ ਦੌਰਾ ਕੀਤਾ ਅਤੇ ਉਥੇ ਯਾਤਰੀਆਂ ਲਈ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਡਾ. ਅਗਰਵਾਲ ਨੇ ਬੱਸ ਸਟੈਂਡ ਵਿਖੇ ਐਸਪੀਰੇਸ਼ਨਲ ਬਲਾਕਸ ਅਤੇ ਜ਼ਿਲ੍ਹਾ ਪ੍ਰੋਗਰਾਮ ਅਧੀਨ ਲਗਾਈ ਗਈ ਅਕਾਂਕਸ਼ਾ ਹੱਟ ਦਾ ਵੀ ਨਿਰੀਖਣ ਕੀਤਾ ਅਤੇ ਸੈਲਫ਼ ਹੈਲਪ ਗਰੁੱਪਾਂ ਵੱਲੋਂ ਤਿਆਰ ਕੀਤੇ ਉਤਪਾਦ ਦੇਖੇ। ਸੈਲਫ਼ ਹੈਲਪ ਗਰੁੱਪਾਂ ਦੀਆਂ ਮੈਂਬਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਡਾ. ਅਗਰਵਾਲ ਨੇ ਉਨ੍ਹਾਂ ਨੂੰ ਹੋਰ ਵੀ ਮਿਹਨਤ ਨਾਲ ਕੰਮ ਲਈ ਪ੍ਰੇਰਿਤ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਡਾ. ਅਗਰਵਾਲ ਨੇ ਕਿਹਾ ਕਿ ਪ੍ਰਸ਼ਾਸਨ ਮਹਿਲਾਵਾਂ ਨੂੰ ਸਵੈ ਸਹਾਇਤਾ ਸਮੂਹਾਂ ਨਾਲ ਜੋੜ ਕੇ ਉਨ੍ਹਾਂ ਦਾ ਜੀਵਨ ਪੱਧਰ ਉਪਰ ਚੁੱਕਣ ਲਈ ਹਮੇਸ਼ਾ ਤਤਪਰ ਹੈ। 23 ਅਗਸਤ ਤੱਕ ਚੱਲਣ ਵਾਲੀ ਇਸ ਅਕਾਂਕਸ਼ਾ ਹੱਟ ਵਿੱਚ ਸ਼ਾਹਕੋਟ ਬਲਾਕ ਦੇ ਸਵੈ ਸਹਾਇਤਾ ਗਰੁਪਾਂ ਵੱਲੋਂ ਤਿਆਰ ਵੱਖ-ਵੱਖ ਉਤਪਾਦਾਂ ਦੇ ਸਟਾਲ ਲਗਾਏ ਗਏ ਹਨ, ਜਿਨ੍ਹਾਂ ਵਿੱਚ ਅਚਾਰ, ਮੁਰੱਬੇ, ਚਟਨੀਆਂ, ਤੇਲ, ਹਲਦੀ, ਸ਼ਹਿਦ, ਕੱਪੜੇ, ਬਿਨਾਂ ਰਸਾਇਣਿਕ ਖਾਦ ਤੋਂ ਤਿਆਰ ਸਬਜ਼ੀਆਂ, ਦਾਲਾਂ, ਦਲੀਆ, ਕਣਕ ਆਦਿ ਉਤਪਾਦ ਸ਼ਾਮਲ ਹਨ। ਇਸ ਮੌਕੇ ਐਸ.ਡੀ.ਐਮ. ਆਦਮਪੁਰ ਵਿਵੇਕ ਕੁਮਾਰ ਮੋਦੀ (ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ ਦਿਹਾਤੀ ਵਿਕਾਸ), ਐਸ.ਡੀ.ਐਮ. ਸ਼ਾਹਕੋਟ ਸ਼ੁਭੀ ਆਂਗਰਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।




JIND MAHI MUSIC
JIND MAHI MUSIC AND KHUSHAL BAINS
PRESENTS
Kurti
DIRECTOR
MR. ARMAAN
COMING SOON...
FEATURING ARSH CHOBAR & MEGHA SHARMA
SINGER JASSI JASPAL PRODUCER KHUSHAL BAINS & RAJINDER KUMAR
LYRICS MANI LOHAT MUSIC MANDEEP DEEPI VIDEO DIRECTOR MR. ARMAAN DOP / EDIT JEET ROWDY
PROJECT MANAGER RICHA AGGARWAL CHOREOGRAPHER NITIN


GHUMAN
LAW GROUP INC.
Ghuman Law Group
ਤੁਹਾਡੇ ਲਈ ਲੈ ਕੇ ਆਏ ਨੇ
AMERICA ਵਿੱਚ
BUSINESS ਕਰਨ ਦਾ ਸੁਨਿਹਰੀ ਮੌਕਾ !
ਜੇਕਰ ਤੁਸੀਂ Canada, England, Australia,
New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ
ਆਓ E-2 Investor Visa ਰਾਹੀਂ
ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ
PASSPORT
GHUMAN LAW GROUP
ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ
ਪੂਰੀ ਮਦਦ ਕਰੇਗਾ
ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ
ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ
➤ 2 ਸਾਲ ਦਾ Work Permit
➤ Spouse ਨੂੰ ਮਿਲੇਗਾ Open Work Permit
➤ ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
➤ ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ
ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ
MON - FRI, 9:00 AM - 3:00 PM
+1 (223) 300-0001 | www.ghumanlawgroup.org
2450 VENTURE OAKS WAY, STE 225 SACRAMENTO, CA

IN LOVING MEMORY OF



# SATWINDER S. BATTH

AUGUST 13, 1957 – AUGUST 12, 2025

*Please join us for the funeral service on*

AUGUST 23, 2025 AT 11 AM

Lakewood Funeral Home
900 Santa Fe Ave, Hughson

*Followed by Sehaj Paat and Ardaas at*

Hughson Gurdwara
5743 E Hatch Rd, Hughson

# ਯੂਕਰੇਨੀ ਨੇਤਾ ਦੀ ਮੇਜ਼ਬਾਨੀ ਕਰਨ ਤੋਂ ਬਾਅਦ ਜ਼ੇਲੇਨਸਕੀ ਅਤੇ ਪੁਤਿਨ ਵਿਚਕਾਰ ਮੀਟਿੰਗ ਦਾ ਪ੍ਰਬੰਧ ਕਰ ਰਹੇ ਹਾਂ- ਟਰੰਪ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਨੂੰ ਕਿਹਾ ਕਿ ਰੂਸ ਅਤੇ ਯੂਕਰੇਨ ਵਿਚਕਾਰ ਜੰਗ ਨੂੰ ਖਤਮ ਕਰਨ ਦੀ ਕੋਸ਼ਿਸ਼ ਵਿੱਚ, ਉਹ ਦੋਵਾਂ ਦੇਸ਼ਾਂ ਦੇ ਨੇਤਾਵਾਂ ਵਿਚਕਾਰ ਸਿੱਧੀ ਮੀਟਿੰਗ ਸਥਾਪਤ ਕਰਨ ਦੀ ਯੋਜਨਾ ਬਣਾ ਰਹੇ ਹਨ, ਜਿਸ ਤੋਂ ਬਾਅਦ ਇੱਕ ਤਿਕੋਣੀ ਮੀਟਿੰਗ ਹੋਵੇਗੀ ਜਿਸ ਵਿੱਚ ਉਹ ਹਿੱਸਾ ਲੈਣਗੇ। ਟਰੰਪ ਨੇ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਨਸਕੀ ਅਤੇ ਯੂਰਪੀਅਨ ਨੇਤਾਵਾਂ ਨਾਲ ਵ੍ਹਾਈਟ ਹਾਊਸ ਵਿੱਚ ਪੂਰੀ ਦੁਪਹਿਰ ਦੀਆਂ ਮੀਟਿੰਗਾਂ ਤੋਂ ਬਾਅਦ ਟਰੂਥ ਸੋਸ਼ਲ 'ਤੇ ਸ਼ਾਂਤੀ ਸਮਝੌਤੇ ਦੀ ਦਲਾਲ ਬਣਾਉਣ ਦੀ ਆਪਣੀ ਕੋਸ਼ਿਸ਼ ਵਿੱਚ ਅਗਲੇ ਕਦਮਾਂ ਦਾ ਖੁਲਾਸਾ ਕੀਤਾ ਜੋ ਯੂਕਰੇਨ ਨੂੰ ਭਵਿੱਖ ਵਿੱਚ ਰੂਸੀ ਹਮਲੇ ਤੋਂ ਸੁਰੱਖਿਅਤ ਦੇਖਣ ਲਈ ਉਤਸੁਕ ਹਨ। ਜਦੋਂ ਗੱਲਬਾਤ ਖਤਮ ਹੋਈ, ਟਰੰਪ ਨੇ ਲਿਖਿਆ, ਉਸਨੇ ਪ੍ਰਬੰਧਾਂ 'ਤੇ ਚਰਚਾ ਕਰਨ ਲਈ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੂੰ ਬੁਲਾਇਆ। ਉਸਨੇ ਓਵਲ ਦਫ਼ਤਰ ਵਿੱਚ ਯੂਰਪੀ ਆਗੂਆਂ ਦੇ ਮੌਜੂਦ ਨਾ ਹੋਣ 'ਤੇ ਪੁਤਿਨ ਨਾਲ ਲਗਭਗ 40 ਮਿੰਟਾਂ ਤੱਕ ਗੱਲ ਕੀਤੀ। "ਰੂਸ/ਯੂਕਰੇਨ ਲਈ ਸ਼ਾਂਤੀ ਦੀ ਸੰਭਾਵਨਾ ਤੋਂ ਹਰ ਕੋਈ ਬਹੁਤ ਖੁਸ਼ ਹੈ," ਟਰੰਪ ਨੇ ਲਿਖਿਆ। ਟਰੰਪ ਦੀ ਇਹ ਰਿਪੋਰਟ ਤਿੰਨ ਸਾਲ ਤੋਂ ਵੱਧ ਸਮਾਂ ਪਹਿਲਾਂ ਰੂਸ ਦੇ ਆਪਣੇ ਛੋਟੇ ਲੋਕਤੰਤਰੀ ਗੁਆਂਢੀ 'ਤੇ ਹਮਲੇ ਨਾਲ ਸ਼ੁਰੂ ਹੋਏ ਸੰਘਰਸ਼ ਨੂੰ ਖਤਮ ਕਰਨ ਲਈ ਉਨ੍ਹਾਂ ਵੱਲੋਂ ਤੇਜ਼-ਤਰਾਰ ਯਤਨਾਂ ਦੇ ਵਿਚਕਾਰ ਆਈ ਹੈ। ਉਹ ਸ਼ੁੱਕਰਵਾਰ ਨੂੰ ਪੁਤਿਨ ਨਾਲ ਆਹਮੋ-ਸਾਹਮਣੇ ਮੁਲਾਕਾਤ ਲਈ ਅਲਾਸਕਾ ਗਏ ਅਤੇ ਫਿਰ ਹੋਰ ਤਰੱਕੀ ਕਰਨ ਲਈ ਸੋਮਵਾਰ ਨੂੰ ਜ਼ੇਲੇਨਸਕੀ ਅਤੇ ਯੂਰਪੀਅਨ ਨੇਤਾਵਾਂ ਨੂੰ ਵ੍ਹਾਈਟ ਹਾਊਸ ਵਿੱਚ ਸੱਦਾ ਦੇਣ ਲਈ ਕਾਹਲੀ ਕੀਤੀ। ਟਰੰਪ ਦੁਆਰਾ ਆਯੋਜਿਤ ਇਕੱਠ ਆਪਣੇ ਆਪ ਵਿੱਚ ਇੱਕ ਅਸਾਧਾਰਨ ਤਮਾਸ਼ਾ ਸੀ, ਜੋ ਦੂਜੇ ਵਿਸ਼ਵ ਯੁੱਧ ਦੀਆਂ ਗੂੰਜਾਂ ਲੈ ਕੇ ਜਾ ਰਿਹਾ ਸੀ। ਇੱਕ ਦਿਨ, ਇੱਕ ਛੱਤ ਹੇਠ, ਪੱਛਮੀ ਨੇਤਾ ਇੱਕ ਕਮਜ਼ੋਰ ਯੂਰਪੀਅਨ ਲੋਕਤੰਤਰ ਅਤੇ ਇੱਕ ਵੱਡੀ ਤਾਨਾਸ਼ਾਹੀ ਵਿਚਕਾਰ ਟਕਰਾਅ ਨੂੰ ਖਤਮ ਕਰਨ ਦੀ ਉਮੀਦ ਵਿੱਚ ਇਕੱਠੇ ਹੋਏ ਜੋ ਹੋਰ ਖੇਤਰ ਹੜੱਪਣ 'ਤੇ ਤੁਲੇ ਹੋਏ ਸਨ। ਟਰੰਪ ਨੇ ਦੋਵਾਂ ਧਿਰਾਂ ਲਈ ਸਵੀਕਾਰਯੋਗ ਸ਼ਰਤਾਂ 'ਤੇ ਯੁੱਧ ਨੂੰ ਖਤਮ ਕਰਨ ਦੀ ਇੱਕ ਤੇਜ਼ ਕੋਸ਼ਿਸ਼ ਵਿੱਚ ਵ੍ਹਾਈਟ ਹਾਊਸ ਵਿੱਚ ਜ਼ੇਲੇਨਸਕੀ ਨਾਲ ਲਗਭਗ ਇੱਕ ਘੰਟੇ ਲਈ ਮੁਲਾਕਾਤ ਕੀਤੀ। ਫਿਰ ਇਹ ਜੋੜਾ ਯੂਰਪੀਅਨ ਨੇਤਾਵਾਂ ਨਾਲ ਮਿਲਿਆ ਤਾਂ ਜੋ ਇੱਕ ਅਜਿਹੇ ਟਕਰਾਅ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਕੰਮ ਕੀਤਾ ਜਾ ਸਕੇ ਜਿਸ ਬਾਰੇ ਟਰੰਪ ਨੇ ਖੁਦ ਚੇਤਾਵਨੀ ਦਿੱਤੀ ਹੈ ਕਿ ਜੇਕਰ ਇਸਨੂੰ ਜਾਰੀ ਰਹਿਣ ਦਿੱਤਾ ਗਿਆ ਤਾਂ ਇਹ ਤੀਜੇ ਵਿਸ਼ਵ ਯੁੱਧ ਦਾ ਕਾਰਨ ਬਣ ਸਕਦਾ ਹੈ। ਟਰੰਪ ਨੇ ਜ਼ੇਲੇਨਸਕੀ ਦਾ ਸਵਾਗਤ ਕਰਦਿਆਂ ਮੁਸਕਰਾਹਟ ਅਤੇ ਗਰਮਜੋਸ਼ੀ ਨਾਲ ਹੱਥ ਮਿਲਾਇਆ, ਜੋ ਕਿ ਫਰਵਰੀ ਵਿੱਚ ਓਵਲ ਦਫਤਰ ਵਿੱਚ ਦੋਵਾਂ ਵਿਚਕਾਰ ਹੋਈ ਤਣਾਅਪੂਰਨ ਟੈਲੀਵਿਜ਼ਨ ਮੁਲਾਕਾਤ ਤੋਂ ਬਿਲਕੁਲ ਵੱਖਰਾ ਸੀ। ਟਰੰਪ ਨੇ ਜ਼ੇਲੇਨਸਕੀ ਦੇ ਵਧੇਰੇ ਸਜਾਵਟੀ ਦਿੱਖ ਵੱਲ ਧਿਆਨ ਦਿੱਤਾ। ਆਪਣੇ ਰਵਾਇਤੀ ਯੁੱਧ ਸਮੇਂ ਦੇ ਪਹਿਰਾਵੇ ਨੂੰ ਛੱਡ ਕੇ, ਉਸਨੇ ਕਾਲਰ ਵਾਲੀ ਇੱਕ ਗੂੜ੍ਹੀ, ਰਸਮੀ ਜੈਕੇਟ ਪਹਿਨੀ ਹੋਈ ਸੀ।

"ਮੇਰੇ ਕੋਲ ਇਹ ਸਭ ਤੋਂ ਵਧੀਆ ਸੀ," ਜ਼ੇਲੇਨਸਕੀ ਨੇ ਟਰੰਪ ਨੂੰ ਕਿਹਾ ਤਾਂ ਟਰੰਪ ਨੇ ਵੀ ਕਿਹਾ ਕਿ "ਮੈਨੂੰ ਇਹ ਪਸੰਦ ਹੈ!" ਪੁਤਿਨ ਨਾਲ ਆਪਣੀ ਸਿਖਰ ਵਾਰਤਾ ਬਾਅਦ ਟਰੰਪ ਜ਼ੇਲੇਨਸਕੀ ਨਾਲ ਬੈਠ ਕੇ ਇਹ ਦੇਖਣ ਲਈ ਬੈਠ ਗਏ ਕਿ ਕੀ ਉਹ ਯੂਕਰੇਨ ਦੀ ਭਵਿੱਖ ਦੀ ਸੁਰੱਖਿਆ ਅਤੇ ਪੂਰਬੀ ਅਤੇ ਦੱਖਣੀ ਯੂਕਰੇਨ ਵਿੱਚ ਰੂਸੀ ਫੌਜ ਦੁਆਰਾ ਜ਼ਬਤ ਕੀਤੇ ਗਏ ਖੇਤਰ ਦੀ ਸਥਿਤੀ 'ਤੇ ਕੇਂਦ੍ਰਿਤ ਰੁਕਾਵਟਾਂ ਨੂੰ ਹੱਲ ਕਰ ਸਕਦੇ ਹਨ। ਜ਼ੇਲੇਨਸਕੀ ਨੇ ਬਾਅਦ ਵਿੱਚ ਕਿਹਾ ਕਿ ਓਵਲ ਦਫਤਰ ਵਿੱਚ ਉਨ੍ਹਾਂ ਦੀ ਨਿੱਜੀ ਮੁਲਾਕਾਤ ਚੰਗੀ ਰਹੀ। "ਸਾਡੀ ਬਹੁਤ ਵਧੀਆ ਗੱਲਬਾਤ ਹੋਈ," ਉਸਨੇ ਕਿਹਾ। "ਸ਼ਾਇਦ ਸਭ ਤੋਂ ਵਧੀਆ।" ਇਹ ਪੁੱਛੇ ਜਾਣ 'ਤੇ ਕਿ ਕੀ ਅਮਰੀਕੀ ਫੌਜਾਂ ਸ਼ਾਂਤੀ ਸਮਝੌਤੇ ਨੂੰ ਸੁਰੱਖਿਅਤ ਕਰਨ ਵਿੱਚ ਮਦਦ ਕਰਨਗੀਆਂ, ਟਰੰਪ ਨੇ ਇਸ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ। ਯੁੱਧ ਨੂੰ ਖਤਮ ਕਰਨ ਦੀ ਸ਼ਰਤ ਵਜੋਂ, ਪੁਤਿਨ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਉਨ੍ਹਾਂ ਦਾ ਦੇਸ਼ ਯੂਕਰੇਨੀ ਖੇਤਰ ਦਾ ਲਗਭਗ 20% ਹਿੱਸਾ ਆਪਣੇ ਕੋਲ ਰੱਖੇ ਜਿਸ 'ਤੇ ਉਹ ਹੁਣ ਕਾਬੂ ਰੱਖਦਾ ਹੈ। ਜ਼ੇਲੇਂਸਕੀ ਨੇ ਕਿਹਾ ਹੈ ਕਿ ਯੂਕਰੇਨ ਦਾ ਸੰਵਿਧਾਨ ਉਨ੍ਹਾਂ ਨੂੰ ਕੋਈ ਵੀ ਜ਼ਮੀਨ ਛੱਡਣ ਤੋਂ ਵਰਜਦਾ ਹੈ। ਬੰਦ ਦਰਵਾਜ਼ਿਆਂ ਪਿੱਛੇ ਜਾਣ ਤੋਂ ਪਹਿਲਾਂ, ਟਰੰਪ ਅਤੇ ਜ਼ੇਲੇਂਸਕੀ ਨੇ



ਓਵਲ ਆਫਿਸ ਵਿੱਚ ਨਿਊਜ਼ ਮੀਡੀਆ ਨਾਲ ਗੱਲ ਕੀਤੀ। ਟਰੰਪ ਨੇ ਸੁਝਾਅ ਦਿੱਤਾ ਕਿ ਉਹ ਸ਼ਾਂਤੀ ਸਮਝੌਤਾ ਕਰਨ ਦੀਆਂ ਕੋਸ਼ਿਸ਼ਾਂ ਨੂੰ ਨਹੀਂ ਛੱਡਣਗੇ, ਹਾਲਾਂਕਿ ਉਨ੍ਹਾਂ ਨੇ ਮੰਨਿਆ ਕਿ ਰੂਸ-ਯੂਕਰੇਨ ਟਕਰਾਅ ਖਾਸ ਤੌਰ 'ਤੇ ਜ਼ਿੱਦੀ ਸਾਬਤ ਹੋਇਆ ਹੈ। "ਇਹ ਕਦੇ ਵੀ ਰਸਤੇ ਦਾ ਅੰਤ ਨਹੀਂ ਹੈ," ਟਰੰਪ ਨੇ ਕਿਹਾ। "ਲੋਕ ਮਾਰੇ ਜਾ ਰਹੇ ਹਨ, ਅਤੇ ਅਸੀਂ ਇਸਨੂੰ ਰੋਕਣਾ ਚਾਹੁੰਦੇ ਹਾਂ। ਇਸ ਲਈ ਮੈਂ ਕਹਾਂਗਾ ਕਿ ਇਹ ਰਸਤੇ ਦਾ ਅੰਤ ਨਹੀਂ ਹੈ। ਮੈਨੂੰ ਲੱਗਦਾ ਹੈ ਕਿ ਸਾਡੇ ਕੋਲ ਅਜਿਹਾ ਕਰਨ ਦਾ ਚੰਗਾ ਮੌਕਾ ਹੈ।" ਜਦੋਂ ਇੱਕ ਰਿਪੋਰਟਰ ਨੇ ਪੁੱਛਿਆ ਕਿ ਕੀ ਉਹ ਯੂਕਰੇਨ ਦੇ ਨਕਸ਼ੇ ਨੂੰ ਦੁਬਾਰਾ ਬਣਾਉਣ ਲਈ ਤਿਆਰ ਹੈ ਜੇਕਰ ਇਹ ਯੁੱਧ ਨੂੰ ਜਲਦੀ ਖਤਮ ਕਰ ਦੇਵੇਗਾ, ਤਾਂ ਜ਼ੇਲੇਂਸਕੀ ਨੇ ਸਿੱਧਾ ਜਵਾਬ ਨਹੀਂ ਦਿੱਤਾ। "ਸਾਨੂੰ ਇਸ ਜੰਗ ਨੂੰ ਰੋਕਣ ਦੀ ਲੋੜ ਹੈ," ਉਸਨੇ ਕਿਹਾ। "ਰੂਸ ਨੂੰ ਰੋਕਣ ਲਈ, ਸਾਨੂੰ ਅਮਰੀਕੀ ਅਤੇ ਯੂਰਪੀ ਭਾਈਵਾਲਾਂ ਤੋਂ ਸਮਰਥਨ ਦੀ ਲੋੜ ਹੈ।" ਮੀਟਿੰਗ ਖਤਮ ਕਰਨ ਤੋਂ ਬਾਅਦ, ਟਰੰਪ ਅਤੇ ਜ਼ੇਲੇਂਸਕੀ ਸਿੱਧੇ ਯੂਰਪੀ ਨੇਤਾਵਾਂ ਨਾਲ ਇੱਕ ਹੋਰ ਮੀਟਿੰਗ ਲਈ ਗਏ: ਫਰਾਂਸੀਸੀ ਰਾਸ਼ਟਰਪਤੀ ਇਮੈਨੁਅਲ ਮੈਕਰੋਨ, ਯੂਕੇ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ, ਜਰਮਨ ਚਾਂਸਲਰ ਫ੍ਰੈਡਰਿਕ ਮਰਜ਼, ਇਟਲੀ ਦੇ ਪ੍ਰਧਾਨ ਮੰਤਰੀ ਜੌਰਜੀਆ ਮੇਲੋਨੀ, ਨਾਟੋ ਸਕੱਤਰ ਜਨਰਲ ਮਾਰਕ ਰੁਟੇ ਅਤੇ ਯੂਰਪੀਅਨ ਕਮਿਸ਼ਨ ਦੇ ਪ੍ਰਧਾਨ ਉਰਸੁਲਾ ਵਾਨ ਡੇਰ ਲੇਅਨ। "ਅਸੀਂ ਅੱਜ ਇੱਕ ਮਤੇ 'ਤੇ ਪਹੁੰਚਾਂਗੇ, ਮੈਂ ਲਗਭਗ ਹਰ ਚੀਜ਼ 'ਤੇ ਸੋਚਦਾ ਹਾਂ, ਸ਼ਾਇਦ ਸੁਰੱਖਿਆ ਸਮੇਤ," ਟਰੰਪ ਨੇ ਉਸ ਮੀਟਿੰਗ ਦੀ ਸ਼ੁਰੂਆਤ ਤੋਂ ਪਹਿਲਾਂ ਕਿਹਾ। ਵ੍ਹਾਈਟ ਹਾਊਸ ਦੇ ਇੱਕ ਅਧਿਕਾਰੀ ਦੇ ਅਨੁਸਾਰ, ਗੱਲਬਾਤ ਖਤਮ ਕਰਨ ਤੋਂ ਬਾਅਦ, ਟਰੰਪ ਅਤੇ ਯੂਰਪੀ ਨੇਤਾ ਹੋਰ ਚਰਚਾ ਲਈ ਓਵਲ ਦਫ਼ਤਰ ਚਲੇ ਗਏ। ਯੂਰਪ ਲੜਾਕਿਆਂ ਵਿਚਕਾਰ ਕਿਸੇ ਵੀ ਸਮਝੌਤੇ ਵਿੱਚ ਵੱਡਾ ਹੈ। ਭਵਿੱਖ ਵਿੱਚ ਰੂਸੀ ਹਮਲਿਆਂ ਨੂੰ ਰੋਕਣ ਲਈ, ਯੂਰਪੀ ਰਾਸ਼ਟਰ ਕਿਸੇ ਵੀ ਸੁਰੱਖਿਆ ਗਾਰੰਟੀ ਦਾ ਇੱਕ ਮਹੱਤਵਪੂਰਨ ਹਿੱਸਾ ਹੋਣਗੇ ਜੋ ਯੂਕਰੇਨ ਨੇ ਕਿਸੇ ਵੀ ਸ਼ਾਂਤੀ ਸੌਦੇ ਦੇ ਹਿੱਸੇ ਵਜੋਂ ਬੇਨਤੀ ਕੀਤੀ ਹੈ। ਪਰ ਸੰਯੁਕਤ ਰਾਜ ਅਮਰੀਕਾ ਵੀ ਇੱਕ ਭੂਮਿਕਾ ਨਿਭਾ ਸਕਦਾ ਹੈ, ਟਰੰਪ ਨੇ "ਅਮਰੀਕਾ ਫਸਟ" ਦੇ ਰਾਸ਼ਟਰਪਤੀ ਦੇ ਇੱਕ ਹੈਰਾਨੀਜਨਕ ਸਵੀਕਾਰ ਵਿੱਚ ਕਿਹਾ। ਜੇਕਰ ਟਰੰਪ ਦੀ ਵਿਦੇਸ਼ ਨੀਤੀ ਦਾ ਕੋਈ ਸਿਧਾਂਤ ਹੈ, ਤਾਂ ਉਹ ਇਹ ਹੈ ਕਿ ਉਹ ਸੰਯੁਕਤ ਰਾਜ ਅਮਰੀਕਾ ਨੂੰ ਵਿਦੇਸ਼ੀ ਯੁੱਧਾਂ ਤੋਂ ਕੱਢਣਾ ਚਾਹੁੰਦਾ ਹੈ ਅਤੇ ਸ਼ਾਂਤੀ ਰੱਖਿਅਕਾਂ ਦੇ ਬੋਝ ਨੂੰ ਸੰਯੁਕਤ ਰਾਜ ਅਮਰੀਕਾ ਤੋਂ ਦੂਜੇ ਦੇਸ਼ਾਂ ਵਿੱਚ ਤਬਦੀਲ ਕਰਨਾ ਚਾਹੁੰਦਾ ਹੈ। ਫਿਰ ਵੀ ਜਦੋਂ ਉਸਨੂੰ ਪੁੱਛਿਆ ਗਿਆ ਕਿ ਕੀ ਉਹ ਸ਼ਾਂਤੀ ਸਮਝੌਤੇ ਨੂੰ ਸੁਰੱਖਿਅਤ ਰੱਖਣ ਵਿੱਚ ਮਦਦ ਲਈ ਅਮਰੀਕੀਆਂ ਨੂੰ ਯੂਕਰੇਨ ਵਿੱਚ ਤਾਇਨਾਤ ਕਰੇਗਾ, ਤਾਂ ਟਰੰਪ ਨੇ ਇਸ ਵਿਚਾਰ ਨੂੰ ਹੱਥੋਂ ਨਹੀਂ ਜਾਣ ਦਿੱਤਾ। "ਅਸੀਂ ਯੂਕਰੇਨ ਨਾਲ ਕੰਮ ਕਰਨ ਜਾ ਰਹੇ ਹਾਂ, ਅਸੀਂ ਸਾਰਿਆਂ ਨਾਲ ਕੰਮ ਕਰਨ ਜਾ ਰਹੇ ਹਾਂ, ਅਤੇ ਅਸੀਂ ਇਹ ਯਕੀਨੀ ਬਣਾਉਣ ਜਾ ਰਹੇ ਹਾਂ ਕਿ ਜੇਕਰ ਸ਼ਾਂਤੀ ਹੈ, ਤਾਂ ਸ਼ਾਂਤੀ ਲੰਬੇ ਸਮੇਂ ਲਈ ਰਹੇਗੀ," ਉਸਨੇ ਕਿਹਾ। ਟੀਵੀ ਕੈਮਰਿਆਂ ਦੇ ਮੌਜੂਦ ਹੋਣ ਦੇ ਨਾਲ, ਸੁਰ ਜ਼ੇਲੇਨਸਕੀ ਦੀ ਆਖਰੀ ਫੇਰੀ ਨਾਲੋਂ ਕਿਤੇ ਜ਼ਿਆਦਾ ਸੁਹਿਰਦ ਸੀ। ਉਸ ਫਰਵਰੀ ਦੀ ਮੀਟਿੰਗ ਵਿੱਚ, ਉਪ-ਰਾਸ਼ਟਰਪਤੀ ਜੇਡੀ ਵੈਂਸ ਟਰੰਪ ਦੇ ਕੋਲ ਬੈਠੇ ਸਨ ਅਤੇ ਟਰੰਪ ਪ੍ਰਤੀ ਕਾਫ਼ੀ ਸ਼ੁਕਰਗੁਜ਼ਾਰੀ ਨਾ ਦਿਖਾਉਣ ਲਈ ਜ਼ੇਲੇਨਸਕੀ ਨੂੰ ਝਿੜਕਿਆ ਸੀ। ਇਸ ਵਾਰ, ਵੈਂਸ ਉਸੇ ਜਗ੍ਹਾ ਬੈਠਾ ਰਿਹਾ ਪਰ ਚੁੱਪ ਰਿਹਾ। ਪਿਛਲੀ ਮੁਲਾਕਾਤ ਵਿੱਚ, ਟਰੰਪ ਨੇ ਯਾਦਗਾਰੀ ਤੌਰ 'ਤੇ ਜ਼ੇਲੇਂਸਕੀ ਨੂੰ ਕਿਹਾ ਸੀ ਕਿ ਉਸ ਕੋਲ ਕੋਈ "ਪੱਤੇ" ਨਹੀਂ ਹਨ ਅਤੇ ਉਸਦਾ ਦੇਸ਼ "ਵੱਡੀ ਮੁਸੀਬਤ ਵਿੱਚ ਹੈ।" "ਤੁਸੀਂ ਤੀਜੇ ਵਿਸ਼ਵ ਯੁੱਧ ਨਾਲ ਜੂਆ ਖੇਡ ਰਹੇ ਹੋ, ਅਤੇ ਤੁਸੀਂ ਜੋ ਕਰ ਰਹੇ ਹੋ ਉਹ ਦੇਸ਼, ਇਸ ਦੇਸ਼, ਜਿਸਨੇ ਤੁਹਾਡਾ ਸਮਰਥਨ ਕੀਤਾ ਹੈ, ਲਈ ਬਹੁਤ ਨਿਰਾਦਰ ਹੈ," ਉਸਨੇ ਉਸ ਸਮੇਂ ਜ਼ੇਲੇਂਸਕੀ ਨੂੰ ਕਿਹਾ। ਮੀਟਿੰਗ ਆਖਰਕਾਰ ਛੋਟੀ ਕਰ ਦਿੱਤੀ ਗਈ। ਇਸ ਸਮੇਂ ਬਿਹਤਰ "ਪੱਤੇ" ਕਿਸ ਕੋਲ ਹਨ? ਇੱਕ ਰਿਪੋਰਟਰ ਨੇ ਸੋਮਵਾਰ ਨੂੰ ਟਰੰਪ ਨੂੰ ਪੁੱਛਿਆ। "ਮੈਂ ਇਹ ਨਹੀਂ ਕਹਿਣਾ ਚਾਹੁੰਦਾ," ਉਸਨੇ ਜਵਾਬ ਦਿੱਤਾ। ਟਰੰਪ ਨੇ ਹਾਲ ਹੀ ਵਿੱਚ ਸੰਘਰਸ਼ ਨੂੰ ਖਤਮ ਕਰਨ ਵਿੱਚ ਆਪਣੀ ਭੂਮਿਕਾ ਨੂੰ ਵਧਾ ਦਿੱਤਾ ਹੈ। ਨੋਬਲ ਸ਼ਾਂਤੀ ਪੁਰਸਕਾਰ 'ਤੇ ਨਜ਼ਰ ਰੱਖਦੇ ਹੋਏ, ਉਸਨੇ ਸ਼ੁੱਕਰਵਾਰ ਨੂੰ ਅਲਾਸਕਾ ਦੇ ਐਂਕਰੇਜ ਵਿੱਚ ਇੱਕ ਫੌਜੀ ਅੱਡੇ 'ਤੇ ਪੁਤਿਨ ਨਾਲ ਨਿੱਜੀ ਤੌਰ 'ਤੇ ਸ਼ਾਂਤੀ ਗੱਲਬਾਤ ਸ਼ੁਰੂ ਕਰਨ ਲਈ ਮੁਲਾਕਾਤ ਕੀਤੀ। ਉਹ ਅਤੇ ਪੁਤਿਨ ਲਗਭਗ ਤਿੰਨ ਘੰਟੇ ਚੱਲੀ ਇੱਕ ਨਿੱਜੀ ਮੀਟਿੰਗ ਤੋਂ ਪਹਿਲਾਂ ਇੱਕ ਲਾਲ ਕਾਰਪੇਟ 'ਤੇ ਇਕੱਠੇ ਚੱਲੇ। ਹਾਲਾਂਕਿ ਉਸਨੇ ਪਹਿਲਾਂ ਕਿਹਾ ਸੀ ਕਿ ਉਹ ਜੰਗਬੰਦੀ ਚਾਹੁੰਦਾ ਹੈ, ਟਰੰਪ ਬਿਨਾਂ ਕਿਸੇ ਸੰਮੇਲਨ ਦੇ ਛੱਡ ਗਏ ਅਤੇ ਕਿਹਾ ਕਿ ਉਹ ਆਪਣਾ ਟੀਚਾ ਬਦਲ ਰਿਹਾ ਹੈ, ਇਸ ਦੀ ਬਜਾਏ, ਇੱਕ ਪੂਰਨ "ਸ਼ਾਂਤੀ ਸਮਝੌਤੇ" ਵੱਲ।

ਟਰੰਪ ਪ੍ਰਸ਼ਾਸਨ ਦੇ ਸੰਦੇਸ਼ ਕਈ ਵਾਰ ਉਲਝੇ ਹੋਏ ਹਨ। ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਐਤਵਾਰ ਨੂੰ ਐਨਬੀਸੀ ਨਿਊਜ਼ ਦੇ "ਮੀਟ ਦ ਪ੍ਰੈਸ" 'ਤੇ ਕਿਹਾ ਕਿ ਜੰਗਬੰਦੀ "ਮੇਜ਼ ਤੋਂ ਬਾਹਰ ਨਹੀਂ ਹੈ।" ਰੂਬੀਓ ਨੇ ਇੰਟਰਵਿਊ ਵਿੱਚ ਕਿਹਾ ਕਿ "ਕੋਈ ਵੀ ਯੂਕਰੇਨ ਨੂੰ ਇਹ ਛੱਡਣ ਲਈ ਦਬਾਅ ਨਹੀਂ ਪਾ ਰਿਹਾ ਹੈ," ਰੂਸ ਦੁਆਰਾ ਕਬਜ਼ੇ ਵਾਲੀ ਜ਼ਮੀਨ ਦਾ ਹਵਾਲਾ ਦਿੰਦੇ ਹੋਏ। ਬਾਅਦ ਵਿੱਚ, ਟਰੰਪ ਰੂਬੀਓ ਨੂੰ ਘੱਟ ਕਰਦੇ ਦਿਖਾਈ ਦਿੱਤੇ ਜਦੋਂ ਉਸਨੇ ਇੱਕ ਟਰੂਥ ਸੋਸ਼ਲ ਉਪਭੋਗਤਾ ਨੂੰ ਦੁਬਾਰਾ ਪੋਸਟ ਕੀਤਾ ਜਿਸਨੇ ਐਲਾਨ ਕੀਤਾ, "ਯੂਕਰੇਨ ਨੂੰ ਰੂਸ ਤੋਂ ਕੁਝ ਖੇਤਰ ਗੁਆਉਣ ਲਈ ਤਿਆਰ ਹੋਣਾ ਚਾਹੀਦਾ ਹੈ ਨਹੀਂ ਤਾਂ ਜਿੰਨਾ ਚਿਰ ਯੁੱਧ ਚੱਲਦਾ ਰਹੇਗਾ ਉਹ ਹੋਰ ਵੀ ਜ਼ਮੀਨ ਗੁਆਉਂਦੇ ਰਹਿਣਗੇ!!" ਐਤਵਾਰ ਰਾਤ ਨੂੰ ਟਰੂਥ ਸੋਸ਼ਲ 'ਤੇ, ਟਰੰਪ ਨੇ ਜ਼ੇਲੇਨਸਕੀ 'ਤੇ ਜੰਗ ਖਤਮ ਕਰਨ ਦੀ ਜ਼ਿੰਮੇਵਾਰੀ ਲਗਾਈ, ਪੁਤਿਨ ਦੇ ਉਲਟ, ਜਿਸਨੇ ਫਰਵਰੀ 2022 ਵਿੱਚ ਯੂਕਰੇਨ ਵਿੱਚ ਟੈਂਕ ਭੇਜੇ ਸਨ। ਟਰੰਪ ਨੇ ਲਿਖਿਆ ਕਿ ਯੂਕਰੇਨ ਨੂੰ ਰੂਸ ਨਾਲ ਜੁੜੇ ਕਰੀਮੀਆ ਨੂੰ ਛੱਡ ਦੇਣਾ ਚਾਹੀਦਾ ਹੈ ਅਤੇ ਨਾਟੋ ਵਿੱਚ ਸ਼ਾਮਲ ਹੋਣ ਦੀ ਕੋਈ ਉਮੀਦ ਵੀ ਛੱਡ ਦੇਣੀ ਚਾਹੀਦੀ ਹੈ - ਪੁਤਿਨ ਦੀਆਂ ਮੰਗਾਂ ਵਿੱਚੋਂ ਇੱਕ। ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਨਸਕੀ ਰੂਸ ਨਾਲ ਜੰਗ ਲਗਭਗ ਤੁਰੰਤ ਖਤਮ ਕਰ ਸਕਦੇ ਹਨ, ਜੇਕਰ ਉਹ ਚਾਹੁੰਦੇ ਹਨ, ਜਾਂ ਉਹ ਲੜਾਈ ਜਾਰੀ ਰੱਖ ਸਕਦੇ ਹਨ," ਟਰੰਪ ਨੇ ਲਿਖਿਆ। ਜ਼ੇਲੇਨਸਕੀ ਨੇ ਇੱਕ ਵੱਖਰਾ ਰੁਖ਼ ਅਪਣਾਇਆ। ਉਸਨੇ ਐਤਵਾਰ ਦੇਰ ਰਾਤ ਯ ਨੂੰ ਲਿਖਿਆ ਕਿ "ਰੂਸ ਨੂੰ ਇਸ ਯੁੱਧ ਨੂੰ ਖਤਮ ਕਰਨਾ ਚਾਹੀਦਾ ਹੈ, ਜੋ ਉਸਨੇ ਖੁਦ ਸ਼ੁਰੂ ਕੀਤਾ ਸੀ।" ਸੋਮਵਾਰ ਦੀਆਂ ਮੀਟਿੰਗਾਂ ਨੇਤਾਵਾਂ ਨੂੰ ਯੂਕਰੇਨ ਲਈ ਭਵਿੱਖ ਦੀ ਸੁਰੱਖਿਆ ਗਾਰੰਟੀ 'ਤੇ ਚਰਚਾ ਕਰਨ ਲਈ ਇੱਕ ਮੰਚ ਦਿੰਦੀਆਂ ਹਨ, ਜਿਸ ਨੂੰ ਅਮਰੀਕਾ ਦੇ ਵਿਸ਼ੇਸ਼ ਦੂਤ ਸਟੀਵ ਵਿਟਕੋਫ ਨੇ ਸੰਭਾਵੀ ਤੌਰ 'ਤੇ ਨਾਟੋ ਦੇ ਆਰਟੀਕਲ 5 ਦੇ ਸਮਾਨ ਦਿਖਾਈ ਦੇਣ ਵਜੋਂ ਪੇਸ਼ ਕੀਤਾ ਸੀ। ਟੀਚਿਆਂ ਤੋਂ ਜਾਣੂ ਇੱਕ ਯੂਕਰੇਨੀ ਸਰੋਤ ਦੇ ਅਨੁਸਾਰ, ਯੂਕਰੇਨ ਇੱਕ ਲੋਹੇ ਦੀ ਸੁਰੱਖਿਆ ਗਾਰੰਟੀ 'ਤੇ ਗੱਲਬਾਤ ਕਰਨ ਦੀ ਉਮੀਦ ਕਰਦਾ ਹੈ, ਜੋ ਕਿ ਆਰਟੀਕਲ 5 ਦੇ ਆਲ-ਫੋਰ-ਵਨ ਉਪਬੰਧ ਦੇ ਸਮਾਨ ਹੈ, ਅਤੇ ਟਰੰਪ ਨੂੰ ਯਕੀਨ ਦਿਵਾਉਣ ਦੀ ਉਮੀਦ ਕਰਦਾ ਹੈ ਕਿ ਅਸਲ ਸ਼ਾਂਤੀ ਗੱਲਬਾਤ ਸ਼ੁਰੂ ਕਰਨ ਲਈ ਇੱਕ ਅਸਥਾਈ ਜੰਗਬੰਦੀ ਜ਼ਰੂਰੀ ਹੈ। ਸਰੋਤ ਨੇ ਕਿਹਾ ਕਿ ਸੁਰੱਖਿਆ ਗਾਰੰਟੀਆਂ ਇੱਕ ਸੰਧੀ-ਪੱਧਰ ਦੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ, ਜਿਸ ਲਈ ਸੈਨੇਟ ਦੀ ਪ੍ਰਵਾਨਗੀ ਦੀ ਲੋੜ ਹੁੰਦੀ ਹੈ। ਜ਼ੇਲੇਨਸਕੀ ਲਈ ਇੱਕ ਚੁਣੌਤੀ ਟਰੰਪ ਨੂੰ ਮਨਾਉਣਾ ਹੈ ਕਿ ਰੂਸ ਨੂੰ ਉਸ ਖੇਤਰ ਨੂੰ ਛੱਡ ਦੇਣਾ ਚਾਹੀਦਾ ਹੈ ਜੋ ਉਸਨੇ ਜ਼ਬਰਦਸਤੀ ਕਬਜ਼ਾ ਕੀਤਾ ਸੀ। ਇੱਕ ਯੂਰਪੀਅਨ ਅਧਿਕਾਰੀ ਨੇ ਕਿਹਾ ਕਿ ਇਹ ਉਨ੍ਹਾਂ ਦਾ ਵਿਸ਼ਵਾਸ ਹੈ ਕਿ ਯੂਕਰੇਨ ਆਪਣੇ ਸਾਰੇ ਪੂਰਬੀ ਡੋਨਬਾਸ ਖੇਤਰ ਨੂੰ ਕਦੇ ਨਹੀਂ ਛੱਡੇਗਾ, ਜਿਸ ਵਿੱਚੋਂ ਬਹੁਤ ਸਾਰਾ ਰੂਸ ਕੰਟਰੋਲ ਕਰਦਾ ਹੈ। ਅਲਾਸਕਾ ਸੰਮੇਲਨ ਤੋਂ ਪਹਿਲਾਂ, ਟਰੰਪ ਨੇ ਕਿਹਾ ਕਿ ਯੁੱਧ ਦੇ ਅੰਤ ਵਿੱਚ "ਖੇਤਰਾਂ ਦੀ ਕੁਝ ਅਦਲਾ-ਬਦਲੀ" ਸ਼ਾਮਲ ਹੋਵੇਗੀ। ਜ਼ੇਲੇਨਸਕੀ ਨੇ ਤੁਰੰਤ ਇਸ ਸੰਭਾਵਨਾ ਨੂੰ ਰੱਦ ਕਰਦੇ ਹੋਏ ਕਿਹਾ, "ਯੂਕਰੇਨੀ ਆਪਣੀ ਜ਼ਮੀਨ ਕਬਜ਼ਾ ਕਰਨ ਵਾਲੇ ਨੂੰ ਨਹੀਂ ਦੇਣਗੇ।"

# ਪੁਤਿਨ ਨਾਲ ਮੁਲਾਕਾਤ ਤੋਂ ਬਾਅਦ ਟਰੰਪ ਨੇ ਡਾਕ-ਇਨ ਵੋਟਿੰਗ 'ਤੇ ਪਾਬੰਦੀ ਲਗਾਉਣ ਲਈ ਆਪਣੀ ਕੋਸ਼ਿਸ਼ ਨੂੰ ਫਿਰ ਤੋਂ ਸ਼ੁਰੂ ਕੀਤਾ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਨੂੰ ਕਿਹਾ ਕਿ ਉਹ ਚੋਣਾਂ ਵਿੱਚ ਡਾਕ-ਇਨ ਵੋਟਿੰਗ ਨੂੰ ਖਤਮ ਕਰਨ ਲਈ "ਇੱਕ ਅੰਦੋਲਨ ਦੀ ਅਗਵਾਈ" ਕਰਨਗੇ।

ਸੰਵਿਧਾਨ, ਕਾਂਗਰਸ ਅਤੇ ਰਾਜਾਂ ਨੂੰ ਵੀ ਆਪਣੀ ਗੱਲ ਰੱਖਣ ਦਾ ਮੌਕਾ ਮਿਲਦਾ ਹੈ। ਇਹ ਮੁੱਦਾ ਟਰੰਪ ਲਈ ਇੱਕ ਫਿਕਸੇਸ਼ਨ ਵਜੋਂ ਦੁਬਾਰਾ ਉੱਭਰਿਆ ਹੈ ਜਦੋਂ ਉਨ੍ਹਾਂ ਦੇ ਸਾਹਮਣੇ ਸਭ ਤੋਂ ਵੱਧ ਦਬਾਅ ਵਾਲਾ ਕੰਮ ਰੂਸ ਅਤੇ ਯੂਕਰੇਨ ਵਿਚਕਾਰ ਸ਼ਾਂਤੀ ਸਮਝੌਤੇ ਦੀ ਵਿਚੋਲਗੀ ਕਰਨ ਦੀ ਉਨ੍ਹਾਂ ਦੀ ਕੋਸ਼ਿਸ਼ ਹੈ।

ਇਹ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੁਆਰਾ ਦੁਬਾਰਾ ਜਗਾਇਆ ਗਿਆ ਜਾਪਦਾ ਹੈ, ਜਾਂ ਘੱਟੋ ਘੱਟ ਭੜਕਾਇਆ ਗਿਆ ਹੈ, ਜਿਸਨੇ ਸ਼ੁੱਕਰਵਾਰ ਨੂੰ ਅਲਾਸਕਾ ਵਿੱਚ ਇੱਕ ਸਿਖਰ ਸੰਮੇਲਨ ਵਿੱਚ ਟਰੰਪ ਦੇ ਇਸ ਬੇਬੁਨਿਆਦ ਵਿਚਾਰ ਨੂੰ ਮਜ਼ਬੂਤ ਕੀਤਾ ਕਿ ਡਾਕ ਵੋਟਾਂ ਨੇ 2020 ਦੀਆਂ ਚੋਣਾਂ ਵਿੱਚ ਧੋਖਾਧੜੀ ਕੀਤੀ।

ਸ਼ੁੱਕਰਵਾਰ ਨੂੰ ਫੌਕਸ ਨਿਊਜ਼ ਦੇ ਹੋਸਟ ਬ੍ਰੇਟ ਬੇਅਰ ਨਾਲ ਇੱਕ ਇੰਟਰਵਿਊ ਵਿੱਚ, ਟਰੰਪ ਨੇ ਕਿਹਾ ਕਿ ਪੁਤਿਨ ਨੇ ਸੰਮੇਲਨ ਦੌਰਾਨ ਉਸਨੂੰ ਜੋ "ਸਭ ਤੋਂ ਦਿਲਚਸਪ ਗੱਲਾਂ" ਦੱਸੀਆਂ ਸਨ ਉਹ ਮੇਲ-ਇਨ ਵੋਟਿੰਗ ਦੀ ਭਰੋਸੇਯੋਗਤਾ ਨਾਲ ਸਬੰਧਤ ਸਨ।

ਤੁਹਾਡੀ ਚੋਣ ਵਿੱਚ ਧਾਂਦਲੀ ਹੋਈ ਕਿਉਂਕਿ ਤੁਹਾਡੇ ਕੋਲ ਮੇਲ-ਇਨ ਵੋਟਿੰਗ ਹੈ। ਮੇਲ-ਇਨ ਵੋਟਿੰਗ ਅਤੇ ਇਮਾਨਦਾਰ ਚੋਣਾਂ ਕਰਵਾਉਣਾ ਅਸੰਭਵ ਹੈ,ਟਰੰਪ ਨੇ ਕਿਹਾ, ਇਹ ਵੀ ਕਿਹਾ ਕਿ ਪੁਤਿਨ ਨੇ ਉਸਨੂੰ ਕਿਹਾ ਸੀ ਕਿ "ਕਿਸੇ ਵੀ ਦੇਸ਼" ਵਿੱਚ ਮੇਲ-ਇਨ ਵੋਟਿੰਗ ਨਹੀਂ ਹੈ।

ਇਹ ਗਲਤ ਹੈ ਕਿ ਸੰਯੁਕਤ ਰਾਜ ਅਮਰੀਕਾ ਵੋਟ-ਦੁਆਰਾ-ਮੇਲ ਵਾਲਾ ਇਕਲੌਤਾ ਦੇਸ਼ ਹੈ। ਰੂਸ ਦੀ ਭਾਰੀ ਆਲੋਚਨਾ ਕੀਤੀ ਗਈ ਹੈ, ਜਿਸ ਵਿੱਚ ਅਮਰੀਕੀ ਸਰਕਾਰ ਵੀ ਸ਼ਾਮਲ ਹੈ, ਆਜ਼ਾਦ ਅਤੇ ਨਿਰਪੱਖ ਚੋਣਾਂ ਨਾ ਕਰਵਾਉਣ ਲਈ।


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 | (209) 505-6384
Address : 119. Maple AVe, Suite A Manteca, CA 95336


PACIFIC ATLANTIC
INSURANCE SERVICES INC.
AGENCY LIC# 6022536
ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ
ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ
ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ
ਕਾਰੋਬਾਰ ਦੀ ਇੰਸ਼ੋਰੈਂਸ
ਕਾਰ ਜਾਂ ਘਰ ਦੀ ਇੰਸ਼ੋਰੈਂਸ
ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ
ਸੰਪਰਕ ਕਰੋ
Farhan Ali
CLIENT RELATIONS MANAGER
Jessie Ghangas
BROKER AGENT CA LIC# 0171673
(916)800-9828
621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com
ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ
VISIT US ON :


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals- Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਧੰਨ ਧੰਨ ਮਾਤਾ ਸਾਹਿਬ ਕੌਰ ਜੀ

ਧੰਨ ਧੰਨ ਮਾਤਾ ਸਾਹਿਬ ਕੌਰ ਜੀ ਨੂੰ ਖ਼ਾਲਸਾ ਪੰਥ ਦੀ ਧਰਮ ਮਾਂ ਅਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਿਲ ਬਣਨ ਦਾ ਸੁਭਾਗ ਪ੍ਰਾਪਤ ਹੋਇਆ ਸੀ। ਆਪ ਜੀ ਨੂੰ ਮਾਤਾ ਸਾਹਿਬ ਦੇਵਾਂ ਜੀ ਵੀ ਕਿਹਾ ਜਾਂਦਾ ਹੈ ਅਤੇ ਆਪ ਜੀ ਦਾ ਜਨਮ ਮਿਤੀ 1 ਨਵੰਬਰ 1681 ਨੂੰ ਰੋਹਤਾਸ, ਜ਼ਿਲ੍ਹਾ ਜਿਹਲਮ (ਉਸ ਸਮੇਂ ਮੁਗਲ ਸਮਰਾਜ ਦੇ ਅਧੀਨ ਪੰਜਾਬ, ਹੁਣ ਦੇ ਪਾਕਿਸਤਾਨ) ਵਿੱਚ ਹੋਇਆ।ਆਪ ਜੀ ਦੇ ਪਿਤਾ ਜੀ ਦਾ ਨਾਂ ਭਾਈ ਰਾਮਾ (ਜਾਂ ਹਰ ਭਗਵਾਨ ਦੇਵਨ ਬਾਸੀ) ਅਤੇ ਮਾਤਾ ਜਸਦੇਵੀ ਸਨ। ਆਪ ਦਾ ਬਚਪਨ ਧਾਰਮਿਕ ਸਿੱਖ ਪਰਿਵਾਰ ਵਿੱਚ ਬਤੀਤ ਹੋਇਆ ਸੀ ਇਸ ਕਾਰਣ ਆਪ ਛੋਟੀ ਉਮਰ ਤੋਂ ਹੀ ਗੁਰਬਾਣੀ ਅਤੇ ਸਿੱਖ ਸਿੱਖਿਆਵਾਂ ਦਾ ਚਿੰਤਨ ਕਰਦੇ ਅਤੇ ਆਪਣਾ ਜ਼ਿਆਦਾਤਰ ਸਮਾਂ ਭਗਤੀ ਵਿੱਚ ਬਿਤਾਉਂਦੇ ਸਨ।ਆਪ ਜੀ ਬਾਲ ਅਵਸਥਾ ਤੋਂ ਹੀ ਸਰਬਗੁਣਾਂ ਨਾਲ ਸ਼ਸ਼ੋਬਿਤ ਸਨ ਅਤੇ ਆਪ ਜੀ ਨੂੰ ਬਹੁਤ ਸਾਰੀ ਬਾਣੀ ਕੰਠ ਸੀ।

### ਗੁਰੂ ਗੋਬਿੰਦ ਸਿੰਘ ਜੀ ਨਾਲ ਆਤਮਿਕ ਸੰਯੋਗ

ਜਦੋਂ ਉਸ ਦੀ ਉਮਰ ਵਿਆਹ ਯੋਗ ਹੋਈ ਤਾਂ ਉਸਦੇ ਪਿਤਾ ਨੇ ਉਸ ਦਾ ਵਿਆਹ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਕਰਨ ਦੀ ਉਪਰਾਲਾ ਕੀਤਾ। ਜਦੋਂ ਭਾਈ ਰਾਮਾ ਜੀ ਨੂੰ ਪਤਾ ਲੱਗਿਆਂ ਕਿ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪਹਿਲਾਂ ਹੀ ਆਨੰਦ ਕਾਰਜ ਹੋ ਚੁੱਕਿਆਂ ਹੈ ਤਾਂ ਉਹ ਕਾਫ਼ੀ ਚਿੰਤਿਤ ਹੋਏ। ਉਨਾਂ ਨੇ ਇਸ ਸਬੰਧੀ ਜਦੋਂ ਆਪਣੀ ਸਪੁੱਤਰੀ ਬੀਬੀ ਸਾਹਿਬ ਕੌਰ ਜੀ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਆਪਣੇ ਪਿਤਾ ਜੀ ਨੂੰ ਇਹ ਮਸਲਾ ਸੰਗਤਾਂ ਦੀ ਕਚਹਿਰੀ ਵਿੱਚ ਪੇਸ਼ ਕਰਨ ਬਾਬਤ ਵਿਚਾਰ ਦਿੱਤਾ। ਇਲਾਕੇ ਦੀਆਂ ਸੰਗਤਾਂ ਨੇ ਸ੍ਰੀ ਚੋਆ ਸਾਹਿਬ ਵਿਖੇ ਇਕੱਤਰਤਾ ਕੀਤੀ ਅਤੇ ਅਰਦਾਸਾਂ ਕਰਕੇ ਸ੍ਰੀ ਅਨੰਦਪੁਰ ਸਾਹਿਬ ਨੂੰ ਚਾਲੇ ਪਾ ਦਿੱਤੇ। ਸ੍ਰੀ ਅਨੰਦਪੁਰ ਸਾਹਿਬ ਪਹੁੰਚ ਕੇ ਪੋਠੋਹਾਰ ਦੀਆਂ ਸੰਗਤਾਂ ਨੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਡੋਲ੍ਹਾ ਕਬੂਲ ਕਰਨ ਦੀ ਬੇਨਤੀ ਕੀਤੀ। ਸੰਗਤ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਗੁਰੂ ਸਾਹਿਬ ਨੇ ਮਾਤਾ ਸਾਹਿਬ ਕੌਰ ਜੀ ਨੂੰ ਕੁਆਰੇ ਡੋਲੇ ਦੇ ਰੂਪ ਵਿੱਚ ਮਹਿਲਾਂ ਵਿੱਚ ਪ੍ਰਵੇਸ਼ ਕਰਵਾਇਆ। ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਅਨੰਦ ਕਾਰਜ ਸ੍ਰੀ ਅਨੰਦਪੁਰ ਸਾਹਿਬ ਵਿਖੇ 18 ਵੈਸਾਖ 1757 ਬਿ ਨੂੰ ਹੋਇਆ ਸੀ। ਵਿਆਹ ਹੋਣ ਤੋਂ ਬਾਅਦ ਦਸਮੇਸ਼ ਪਿਤਾ ਜੀ ਦੇ ਹੁਕਮ ਅਨੁਸਾਰ ਧੰਨ ਧੰਨ ਮਾਤਾ ਸਾਹਿਬ ਕੌਰ ਜੀ ਨੇ ਸਾਰੀ ਜ਼ਿੰਦਗੀ ਗੁਰੂ ਸਾਹਿਬ ਜੀ ਦੇ ਪਵਿੱਤਰ ਚਰਨਾਂ ਵਿਚ ਧਿਆਨ ਜੋੜ ਕੇ ਕੁਆਰੇ ਡੋ਼ਲੇ ਦੇ ਰੂਪ ਵਿਚ ਗੁਜਾਰੀ ਅਤੇ ਕਦੇ ਵੀ ਗੁਰੂ ਕੇ ਮਹਿਲ ਹੋਣ ਦਾ ਅਭਿਮਾਨ ਨਹੀਂ ਕੀਤਾ ਸੀ।ਇਸ ਪ੍ਰਤੀਕਾਤਮਕ ਸੰਬੰਧ ਨੇ ਉਸਨੂੰ "ਖਾਲਸਾ ਦੀ ਮਾਂ" ਦੇ ਖਿਤਾਬ ਨਾਲ ਸੰਸਾਰ ਭਰ ਵਿੱਚ ਅਮਰ ਕਰ ਦਿੱਤਾ।

### ਖਾਲਸਾ ਦੀ ਸਥਾਪਨਾ ਵਿੱਚ ਭੂਮਿਕਾ

30 ਮਾਰਚ 1699 (ਬੈਸਾਖੀ) ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪਹਿਲੇ ਅੰਮ੍ਰਿਤ-ਸੰਚਾਰ ਰਾਹੀਂ ਖਾਲਸਾ ਪੰਥ ਦੀ ਸਥਾਪਨਾ ਕੀਤੀ। ਧੰਨ ਧੰਨ ਮਾਤਾ ਸਾਹਿਬ ਕੌਰ ਜੀ ਨੇ ਅੰਮ੍ਰਿਤ ਵਿੱਚ ਮਿੱਠਾਸ ਰੂਪੀ ਪਤਾਸੇ ਸ਼ਾਮਲ ਕਰ ਕੇ ਇੱਕ ਪਵਿੱਤਰ ਸੇਵਾ ਕੀਤੀ ਜੋ ਇਹ ਦਰਸਾਉਂਦੀ ਹੈ ਕਿ ਖਾਲਸੇ ਦੀ ਯੋਧੇ ਰੂਪੀ ਆਤਮਾ ਨੂੰ ਦਇਆ ਅਤੇ ਨਿਮਰਤਾ ਨਾਲ ਸੰਤੁਲਿਤ ਕੀਤਾ ਜਾਣਾ ਚਾਹੀਦਾ ਹੈ।

### ਸੇਵਾ ਅਤੇ ਮਾਰਗਦਰਸ਼ਨ ਦਾ ਜੀਵਨ

ਧੰਨ ਧੰਨ ਮਾਤਾ ਸਾਹਿਬ ਕੌਰ ਜੀ ਨੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਲ ਧਰਮ ਪ੍ਰਚਾਰ ਲਈ ਕਈ ਯਾਤਰਾਵਾਂ ਕੀਤੀਆਂ ਸਨ। ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸੰਨ 1708 ਵਿੱਚ ਜੋਤੀ ਜੋਤ ਸਮਾਉਣ ਤੋਂ ਬਾਅਦ ਮਾਤਾ ਸਾਹਿਬ ਕੌਰ ਜੀ ਖਾਲਸਾ ਪੰਥ ਲਈ ਇੱਕ ਮਾਰਗਦਰਸ਼ਕ ਬਣ ਕੇ ਵਿਚਰਦੇ ਰਹੇ ਅਤੇ ਆਪ ਜੀ ਨੇ ਦਿੱਲੀ ਵਿੱਚ ਰਹਿ ਕੇ ਪੰਥ ਖਾਲਸਾ ਦੇ ਨਾਮ 'ਤੇ ਕਈ ਹੁਕਮਨਾਮੇ ਜਾਰੀ ਕੀਤੇ। ਗੁਰੂ ਜੀ ਨੇ ਨਾਂਦੇੜ ਵਿੱਚ ਆਪਣੇ ਜੋਤੀ ਜੋਤ ਸਮਾਉਣ ਤੋਂ ਪਹਿਲਾਂ ਮਾਤਾ ਸਾਹਿਬ ਕੌਰ ਜੀ ਨੂੰ ਪੰਜ ਪਵਿੱਤਰ ਹਥਿਆਰ ਬਖਸ਼ਿਸ਼ ਦਿੱਤੇ ਸਨ ਅਤੇ ਇਹ ਹਥਿਆਰ ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਤੀਕ ਹਨ ਜਿਨ੍ਹਾਂ ਨੂੰ ਆਪ ਜੀ ਨੇ ਆਪਣੀ ਸਾਰੀ ਜ਼ਿੰਦਗੀ ਸੰਭਾਲ ਕੇ ਰੱਖਿਆ ਸੀ।

### ਅੰਤਿਮ ਸਾਲ ਅਤੇ ਵਿਰਾਸਤ

ਧੰਨ ਧੰਨ ਮਾਤਾ ਸਾਹਿਬ ਕੌਰ ਜੀ ਸੰਨ 1747 ਨੂੰ ਦਿੱਲੀ ਵਿਖੇ ਜੋਤੀ ਜੋਤ ਸਮਾ ਗਏ। ਆਪ ਜੀ ਦੇ ਅੰਤਿਮ ਕਰਮ ਗੁਰਦੁਆਰਾ ਬਾਲਾ ਸਾਹਿਬ ਦਿੱਲੀ ਵਿੱਚ ਕੀਤੇ ਗਏ। ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦਾ ਜੀਵਨ ਆਤਮਿਕ ਅਗਵਾਈ, ਦਇਆ ਅਤੇ ਸੇਵਾ ਦੇ ਮੁੱਲਾਂ ਨੂੰ ਦਰਸਾਉਂਦਾ ਹੈ ਜੋ ਖ਼ਾਲਸਾ ਪੰਥ ਦੀ ਪਛਾਣ ਦੇ ਮੁੱਖ ਅੰਗ ਹਨ। ਖਾਲਸਾ ਪੰਥ ਦੀ ਸਥਾਪਨਾ ਦੌਰਾਨ ਆਪ ਜੀ ਦੁਆਰਾ ਅੰਮ੍ਰਿਤ ਸੰਚਾਰ ਦੌਰਾਨ ਪਤਾਸੇ ਮਿਲਾਉਣ ਦਾ ਪ੍ਰਤੀਕਾਤਮਕ ਕਾਰਜ ਇਹ ਦਰਸਾਉਂਦਾ ਹੈ ਕਿ ਸ਼ਕਤੀ ਨੂੰ ਪ੍ਰੇਮ ਨਾਲ ਸੰਤੁਲਿਤ ਕੀਤਾ ਜਾਣਾ ਚਾਹੀਦਾ ਹੈ। ਧੰਨ ਧੰਨ ਮਾਤਾ ਸਾਹਿਬ ਕੌਰ ਜੀ ਸਿੱਖ ਵਿਰਾਸਤ ਵਿੱਚ ਬਹੁਤ ਮਹੱਤਵਪੂਰਨ ਅਤੇ ਵਿਲੱਖਣ ਸ਼ਖ਼ਸੀਅਤ ਸਨ ਅਤੇ ਆਪ ਜੀ ਦਾ ਸਮੁੱਚਾ ਜੀਵਨ ਭਕਤੀ, ਸ਼ਕਤੀ ਅਤੇ ਦਇਆ ਦਾ ਅਟੁੱਟ ਸੁਮੇਲ ਸੀ। ਆਪ ਜੀ ਦੁਆਰਾ ਖਾਲਸਾ ਪੰਥ ਦੀ ਨਿਸ਼ਕਾਮ ਸੇਵਾ ਅਤੇ ਅਡਿਗ ਵਿਸ਼ਵਾਸ ਦੁਨੀਆ ਭਰ ਦੇ ਵੱਸਦੇ ਸਿੱਖਾਂ ਨੂੰ ਸਦੀਵੀ ਰੂਪ ਵਿੱਚ ਪ੍ਰੇਰਿਤ ਕਰਦੀ ਰਹਿੰਦਾ ਹੈ।



SANJHI SOCH
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ






ੴ ਸਤਿਗੁਰ ਪ੍ਰਸਾਦਿ

# Sikh Gurdwara San Jose Newsletter

## A Report on Scholarships Program Of Sikh Gurdwara San Jose

## Background & Motivation

In the fall of 2018, members of the Parbandhak Committee recognized a pressing concern: Many Sikh students were unable to pursue higher education due to financial constraints. As a result, they often found themselves in low-paying jobs with limited upward mobility. The chart below illustrates how lifetime earnings in the Bay Area can significantly increase with higher education. While these figures represent averages, they highlight the transformative potential of education, especially for families with limited financial means. We have scholarships program to help students from needy families.




## Empowering Academic Excellence

Another key motivation was to support high-achieving high school students in gaining admission to prestigious universities. These students often go on to hold influential positions in society. However, it is common for highly educated individuals to become disconnected from their community due to professional demands. The scholarship program aims to keep these future leaders engaged with the Gurdwara Sahib, ensuring continued progress for the Sikh community.

## Promoting Sikh Identity in Education

A third goal was to encourage more Sikh educators with visible Sikh identity (*Sikhi Saroop*) in K–12 schools. Over their careers, these teachers interact with thousands of students, helping normalize and positively represent Sikh identity. They also serve as role models and advocates for Sikh students who may face challenges due to their faith. Since teaching salaries are often lower than those in the tech sector, dedicated scholarships were introduced to support those pursuing teaching credentials. This initiative has seen promising early success.

## Encouraging Sikh Representation in Journalism

